ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 30 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੧੬ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

**ਅੱਜ ਪ੍ਰਕਾਸ਼ ਗੁਰਪੁਰਬ ’ਤੇ ਵਿਸ਼ੇਸ਼**

## ਦਲਭੰਜਨ ਗੁਰ ਸੂਰਮਾ ਵਡ ਜੋਧਾ ਬਹੁ ਪਰਉਪਕਾਰੀ

**ਗੁਰੂ ਅਰਜਨ ਦੇਵ** ਜੀ (1563–1606 ਈ.) ਦੇ ਮਹਿਲ ਮਾਤਾ ਗੰਗਾ ਜੀ ਨੂੰ ਪੁੱਤਰ ਦਾ ਵਰਦਾਨ ਦਿੰਦਿਆਂ ਬਾਬਾ ਬੁੱਢਾ ਜੀ ਨੇ ਕਿਹਾ ਸੀ ਕਿ ਤੇਰੇ ਘਰ ਇਕ ਅਜਿਹਾ ਪੁੱਤਰ ਜਨਮ ਲਵੇਗਾ, ਜੋ ਸੂਰਮਾ ਅਤੇ ਮਹਾਂਬਲੀ ਹੋਣ ਦੇ ਨਾਲ–ਨਾਲ ਸੰਤਾਂ ਤੇ ਮਜ਼ਲੂਮਾਂ ਦੀ ਰੱਖਿਆ ਕਰਨ ਵਾਲਾ ਮੀਰੀ–ਪੀਰੀ ਦਾ ਮਾਲਕ ਵੀ ਹੋਵੇਗਾ।ਬਾਬਾ ਬੁੱਢਾ ਜੀ ਦੇ ਅਸ਼ੀਰਵਾਦ ਨਾਲ ਗੁਰੂ ਹਰਿਗੋਬਿੰਦ ਸਾਹਿਬ ਦਾ ਪ੍ਰਕਾਸ਼ 1595 ਈ. ਨੂੰ ਹੋਇਆ। ਇਸ ਖੁਸ਼ੀ ਦੇ ਮੌਕੇ ਗੁਰੂ ਅਰਜਨ ਦੇਵ ਜੀ ਨੇ ਪਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਇਹ ਸ਼ਬਦ ਉਚਾਰਿਆ:

ਸਤਿਗੁਰ ਸਾਚੈ ਦੀਆ ਭੇਜਿ ॥
ਚਿਰੁ ਜੀਵਨੁ ਉਪਜਿਆ ਸੰਜੋਗਿ ॥
ਉਦਰੈ ਮਾਹਿ ਆਇਆ ਕੀਆ ਨਿਵਾਸੁ ॥
ਮਾਤਾ ਕੈ ਮਨਿ ਬਹੁਤ ਬਿਗਾਸੁ ॥
ਜੰਮਿਆ ਪੂਤੁ ਭਗਤੁ ਗੋਵਿੰਦ ਕਾ ॥
ਪ੍ਰਗਟਿਆ ਸਭ ਮਹਿ ਲਿਖਿਆ ਧੁਰ ਕਾ ॥
(ਆਸਾ ਮਹਲਾ 5, ਪੰਨਾ 396)

ਗੁਰੂ ਅਰਜਨ ਦੇਵ ਦੀ ਸ਼ਹੀਦੀ (25 ਮਈ 1606 ਈ.) ਪਿਛੋਂ ਬਾਬਾ ਬੁੱਢਾ ਜੀ ਨੇ ਹੀ ਗੁਰੂ ਹਰਿਗੋਬਿੰਦ ਸਾਹਿਬ ਨੂੰ ਗੁਰਿਆਈ ਦਾ ਤਿਲਕ ਲਾਇਆ। ਉਦੋਂ ਆਪਦੀ ਉਮਰ 11 ਸਾਲ ਦੀ ਸੀ। ਭਾਈ ਗੁਰਦਾਸ ਜੀ ਨੇ ਇਸ ਸੰਬੰਧ ਵਿਚ ਅੰਕਿਤ ਕੀਤਾ ਹੈ :

ਪੰਜ ਪਿਆਲੇ ਪੰਜ ਪੀਰ ਛਠਮੁ ਪੀਰ ਬੈਠਾ ਗੁਰ ਭਾਰੀ॥ ਅਰਜਨ ਕਾਇਆ ਪਲਟਿ ਕੈ ਮੂਰਤਿ ਹਰਗੋਬਿੰਦ ਸਵਾਰੀ॥ ਦਲ ਭੰਜਨ ਗੁਰ ਸੂਰਮਾ ਵਡ ਜੋਧਾ ਬਹੁ ਪਰਉਪਕਾਰੀ॥
(ਵਾਰ 1, ਪਉੜੀ 48)

ਗੁਰੂ ਜੀ ਨੇ ਅੰਮ੍ਰਿਤਸਰ ਨੂੰ ਮਜ਼ਬੂਤ ਕਰਨ ਲਈ ਉਥੇ ਇਕ ’ਲੋਹਗੜ੍ਹ’ ਨਾਂ ਦਾ ਕਿਲ੍ਹਾ ਬਣਵਾਇਆ। ਸੰਨ 1609 ਵਿਚ ਦੇਸ਼ ਪਿਆਰ, ਸੂਰਬੀਰਤਾ ਅਤੇ ਕੌਮੀ ਭਾਵਾਂ ਦੇ ਪ੍ਰਚਾਰ ਹਿਤ ਸ੍ਰੀ ਹਰਿਮੰਦਰ ਸਾਹਿਬ ਦੇ ਸਾਹਮਣੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕੀਤੀ ਅਤੇ ਉਸ ਤੇ ਸੁਸ਼ੋਭਿਤ ਹੋ ਕੇ ਮੀਰੀ ਤੇ ਪੀਰੀ ਦੀਆਂ ਦੋ ਤਲਵਾਰਾਂ ਧਾਰਨ ਕੀਤੀਆਂ। ਸੰਸਾਰ ਦੇ ਇਤਿਹਾਸ ਵਿਚ ਇਹ ਪਹਿਲਾ ਮੌਕਾ ਸੀ, ਜਦੋਂ ਇਕ ਧਾਰਮਿਕ ਰਹਿਬਰ ਨੇ ਭਗਤੀ ਤੇ ਸ਼ਕਤੀ ਦੇ ਸੁਮੇਲ ਨਾਲ ਦੋ ਤਲਵਾਰਾਂ ਪਹਿਨੀਆਂ ਹੋਣ। ਪ੍ਰਿੰਸੀਪਲ ਸਤਿਬੀਰ ਸਿੰਘ ਅਨੁਸਾਰ ਮੀਰੀ ਦੇ ਅਰਥ ਖੁੱਲ੍ਹੇ ਤੌਰ ਤੇ ਇਹੀ ਹਨ ਕਿ ਮਨੁੱਖੀ ਹੱਕਾਂ ਦਾ ਹੁੰਦਾ ਘਾਣ ਵੇਖ ਕੇ ਚੁੱਪ ਨਹੀਂ ਰਹਿਣਾ ਅਤੇ ਪੀਰੀ ਤੋਂ ਭਾਵ ਹੈ ਕਿ ਮਨੁੱਖ ਨੂੰ ਵਾਹਿਗੁਰੂ ਤੋਂ ਸਿਵਾਇ ਹੋਰ ਕਿਸੇ ਪਾਸੇ ਝਾਕਣ ਨਹੀਂ ਦੇਣਾ। ਗੁਰੂ ਸਾਹਿਬ ਨੇ ਆਪਣੇ ਸਿੱਖਾਂ ਨੂੰ ਹੁਕਮਨਾਮੇ ਭੇਜੇ ਕਿ ਉਹ ਭੇਟਾ ਦੇ ਨਾਲ–ਨਾਲ ਚੰਗੇ ਘੋੜੇ ਤੇ ਸ਼ਸਤਰ ਵੀ ਭੇਜਿਆ ਕਰਨ। ਆਪ ਕੋਲ 52 ਨੌਜਵਾਨਾਂ ਦੀ ਇਕ ਛੋਟੀ ਜਿਹੀ ਫੌਜ ਵੀ ਸੀ। ਉਨ੍ਹਾਂ ਨੇ ਇਕ ਨਗਾਰਾ ਤਿਆਰ ਕਰਵਾਇਆ ਅਤੇ ਨਿਸ਼ਾਨ ਸਾਹਿਬ ਵੀ ਝੁਲਾਇਆ ।

ਆਪ ਨੂੰ ਬਾਲ–ਅਵਸਥਾ ਵਿਚ ਕਈ ਦੁਖ–ਤਕਲੀਫਾਂ ਅਤੇ ਸਮੱਸਿਆਵਾਂ ਦਾ ਸਾਹਮਣਾ ਕਰਨਾ ਪਿਆ। ਆਪ ਦਾ ਤਾਇਆ ਪ੍ਰਿਥੀ ਚੰਦ ਆਪ ਨੂੰ ਮਰਵਾ ਕੇ ਗੁਰਗੱਦੀ ਅਤੇ ਸਾਰੀ ਜਾਇਦਾਦ ਦਾ ਮਾਲਕ ਆਪਣੇ ਪੁੱਤਰ (ਮਨੋਹਰ ਦਾਸ ਮਿਹਰਬਾਨ ਸੋਢੀ) ਨੂੰ ਬਣਾਉਣਾ ਚਾਹੁੰਦਾ ਸੀ। ਪਹਿਲਾਂ ਉਸ ਨੇ ਦਾਈ ਨੂੰ ਲਾਲਚ ਦੇ ਕੇ ਜ਼ਿਹਰੀਲੇ ਦੁੱਧ ਨਾਲ ਗੁਰੂ ਜੀ ਨੂੰ ਮਰਵਾਉਣਾ ਚਾਹਿਆ, ਫਿਰ ਸਪੇਰੇ ਜੋਗੀ ਵਲੋਂ ਗੁਰੂ ਜੀ ਦੇ ਕਮਰੇ ਵਿਚ ਜ਼ਿਹਰੀ ਸੱਪ ਛਡਵਾਇਆ ਗਿਆ, ਪਿਛੋਂ ਇਕ ਖਿਡਾਵੇ ਬ੍ਰਾਹਮਣ ਨੂੰ ਲਾਲਚ ਦੇ ਕੇ ਗੁਰੂ ਜੀ ਨੂੰ ਜ਼ਿਹਰ ਵਾਲੀ ਦਹੀਂ ਖੁਆਉਣ ਲਈ ਕਿਹਾ ਗਿਆ, ਪਰ ਉਸਦੀਆਂ ਸਾਰੀਆਂ ਕੋਸ਼ਿਸ਼ਾਂ ਬੇਕਾਰ ਗਈਆਂ। ਗੁਰੂ ਜੀ ਨੂੰ ਚੇਚਕ ਵੀ ਨਿਕਲੀ ਪਰ ਵਾਹਿਗੁਰੂ ਦੀ ਮਿਹਰ ਸਦਕਾ ਆਪ ਰਾਜ਼ੀ ਹੋ ਗਏ।

ਬਾਬਾ ਬੁੱਢਾ ਜੀ ਨੇ ਆਪ ਨੂੰ ਗੁਰੂ–ਘਰ ਦੀ ਵਿਦਿਆ, ਸ਼ਸਤਰ–ਵਿਦਿਆ, ਘੋੜ–ਸਵਾਰੀ, ਸ਼ਿਕਾਰ, ਕੁਸ਼ਤੀ ਆਦਿ ਦੀ ਸਿਖਲਾਈ ਦਿੱਤੀ। ਗੁਰੂ ਅਰਜਨ ਦੇਵ ਜੀ ਸਮਝਦੇ ਸਨ ਕਿ ਸਮਾਂ ਅਜਿਹਾ ਆ ਰਿਹਾ ਹੈ ਕਿ ਜ਼ੁਲਮ ਦੇ ਟਾਕਰੇ ਲਈ ਸਿੱਖਾਂ ਨੂੰ ਸੰਤ–ਸਿਪਾਹੀ ਬਣਨਾ ਪਵੇਗਾ। ਅਜਿਹੇ ਸਮੇਂ ਗੁਰਗੱਦੀ ਲਈ ਜਿਹੋ ਜਿਹੀ ਯੋਗਤਾ ਅਤੇ ਗੁਣਾਂ ਦੀ ਲੋੜ ਸੀ, ਉਹੋ ਜਿਹੀ ਸਿਖਿਆ–ਸਿਖਲਾਈ ਗੁਰੂ ਹਰਿਗੋਬਿੰਦ ਸਾਹਿਬ ਨੂੰ ਦਿਵਾਈ ਗਈ।

ਗੁਰੂ–ਘਰ ਦੇ ਪੁਰਾਣੇ ਦੋਖੀ ਸ਼ਿਹਨਸ਼ਾਹਿ–ਹਿੰਦ ਜਹਾਂਗੀਰ ਨੂੰ ਗੁਰੂ ਜੀ ਦੀਆਂ ਸ਼ਸਤਰ–ਝੁਨਕਾਰਾਂ ਵਿਚੋਂ ਬਗ਼ਾਵਤ ਦੀ ਬੂ ਆ ਰਹੀ ਸੀ। ਉਸਨੇ ਗੁਰੂ ਜੀ ਨੂੰ 12 ਸਾਲ ਦੀ ਕੈਦ ਦਾ ਹੁਕਮ ਦੇ ਕੇ ਗਵਾਲੀਅਰ ਦੇ ਕਿਲ੍ਹੇ ਵਿਚ ਭੇਜ ਦਿੱਤਾ, ਜਿਥੇ ਪਹਿਲਾਂ 52 ਰਾਜੇ ਕੈਦ ਸਨ। ਪਰ ਸਿੱਖਾਂ ਅਤੇ ਗੁਰੂ–ਘਰ ਦੇ ਪ੍ਰੇਮੀਆਂ ਤੋਂ ਇਲਾਵਾ ਕਈ ਨੇਕ–ਦਿਲ ਮੁਸਲਮਾਨਾਂ ਨੇ ਵੀ ਆਪਣੀ ਸਜ਼ਾ ਵਿਰੁੱਧ ਅਵਾਜ਼ ਉਠਾਈ। ਸਿੱਟੇ ਵਜੋਂ ਦੋ ਕੁ ਸਾਲ ਦੀ ਕੈਦ ਪਿਛੋਂ ਆਪਨੂੰ 52 ਰਾਜਿਆਂ ਸਮੇਤ ਰਿਹਾਅ ਕਰ ਦਿਤਾ ਗਿਆ। ਉਸੇ ਦਿਨ ਤੋਂ ਆਪ ਨੂੰ ’ਬੰਦੀ ਛੋੜ’ ਦੇ ਨਾਂ ਨਾਲ ਯਾਦ ਕੀਤਾ ਜਾਣ ਲੱਗ ਪਿਆ ।

ਗੁਰੂ ਸਾਹਿਬ ਦੇ ਤਿੰਨ ਵਿਆਹ ਹੋਏ –




(ੳ) 1608 ਈ: ਵਿਚ ਡੱਲਾ ਨਿਵਾਸੀ ਸ੍ਰੀ ਨਰਾਇਣ ਦਾਸ ਦੀ ਸਪੁੱਤਰੀ ਦਮੋਦਰੀ ਜੀ ਨਾਲ ਜਿਨ੍ਹਾਂ ਦੀ ਕੁਖੋਂ ਬਾਬਾ ਗੁਰਦਿਤਾ ਜੀ. (1613 ਈ:), ਬੀਬੀ ਵੀਰੋ ਜੀ (1615 ਈ.) ਅਤੇ ਸ੍ਰੀ ਅਣੀਰਾਏ ਜੀ (1618 ਈ:) ਪੈਦਾ ਹੋਏ।

(ਅ) 1613 ਈ: ਵਿਚ ਦੂਜਾ ਵਿਆਹ ਬਕਾਲਾ ਨਿਵਾਸੀ ਸ੍ਰੀ ਹਰੀ ਚੰਦ ਦੀ ਸਪੁੱਤਰੀ ਨਾਨਕੀ ਜੀ ਨਾਲ ਹੋਇਆ। ਜਿਨ੍ਹਾਂ ਦੀ ਕੁੱਖੋਂ ਬਾਬਾ ਅਟੱਲ ਰਾਏ (1619 ਈ:) ਅਤੇ (ਗੁਰੂ) ਤੇਗ ਬਹਾਦਰ (1621 ਈ.) ਨੇ ਜਨਮ ਲਿਆ।

(ੲ) ਤੀਜਾ ਵਿਆਹ ਮੰਡਿਆਲੀ ਨਿਵਾਸੀ ਸ੍ਰੀ ਦਇਆ ਰਾਮ ਦੀ ਸਪੁੱਤਰੀ ਮਹਾਂਦੇਵੀ ਜੀ ਨਾਲ 1615 ਈ. ਵਿਚ ਹੋਇਆ, ਜਿਨ੍ਹਾਂ ਦੀ ਕੁੱਖੋਂ ਸ੍ਰੀ ਸੂਰਜ ਮੱਲ (1617 ਈ:) ਪੈਦਾ ਹੋਏ।

ਆਵਾਜ਼ਿ ਕੌਮ
AWAZE QAUM
International Newspaper & WEB TV

ਗਵਾਲੀਅਰ ਤੋਂ ਰਿਹਾਅ ਹੋਣ ਪਿਛੋਂ ਗੁਰੂ ਸਾਹਿਬ ਦਾ ਜਹਾਂਗੀਰ ਨਾਲ ਕੋਈ ਝਗੜਾ–ਫਸਾਦ ਨਾ ਹੋਇਆ। ਆਪ ਅੰਮ੍ਰਿਤਸਰੋਂ ਚੱਲ ਕੇ ਲਾਹੌਰ, ਗੁਜਰਾਂਵਾਲਾ, ਵਜ਼ੀਰਾਬਾਦ, ਭਿੰਬਰ ਆਦਿ ਤੋਂ ਹੁੰਦੇ ਹੋਏ ਕਸ਼ਮੀਰ ਪਹੁੰਚੇ। ਉਥੇ ਹਕੂਮਤ ਦੇ ਦਬਾਅ ਕਰਕੇ ਬਹੁਤ ਸਾਰੇ ਹਿੰਦੂ ਮੁਸਲਮਾਨ ਬਣਦੇ ਜਾ ਰਹੇ ਸਨ। ਗੁਰੂ ਜੀ ਦੇ ਪ੍ਰਚਾਰ ਨਾਲ ਹਜ਼ਾਰਾਂ ਹੀ ਹਿੰਦੂ ਅਤੇ ਮੁਸਲਮਾਨ ਸਿੱਖ ਬਣ ਗਏ।

ਉਥੇ ਆਪ ਬਾਰਾਂਮੂਲਾ ਰਾਹੀਂ ਪੰਜਾਬ ਆਏ। ਗੁਜਰਾਤ ਪਹੁੰਚ ਕੇ ਕੁਝ ਚਿਰ ਉਥੇ ਠਹਿਰੇ ਅਤੇ ਸਿੱਖੀ ਦਾ ਪ੍ਰਚਾਰ ਕੀਤਾ। ਇਥੇ ਹੀ ਸ਼ਾਹ ਦੌਲਾ ਨਾਲ ਹੋਈ ਗੋਸ਼ਟਿ ਵਿਚ ਉਸ ਦੇ ਸ਼ੰਕਿਆਂ ਦਾ ਨਿਵਾਰਨ ਕੀਤਾ। ਸ਼ਾਹ ਦੌਲਾ ਨੇ ਗੁਰੂ ਸਾਹਿਬ ਨੂੰ ਪੁਛਿਆ :

’ਔਰਤ ਕਿਆ ਔਰ ਫਕੀਰੀ ਕਿਆ ?
ਹਿੰਦੂ ਕਿਆ ਔਰ ਪੀਰੀ ਕਿਆ ?
ਪੁੱਤਰ ਕਿਆ ਵੈਰਾਗ ਕਿਆ ?
ਦੌਲਤ ਕਿਆ ਔਰ ਤਿਆਗ ਕਿਆ ?

**ਗੁਰੂ ਸਾਹਿਬ ਦਾ ਜਵਾਬ ਸੀ :**

’ਔਰਤ ਈਮਾਨ, ਪੁੱਤਰ ਨਿਸ਼ਾਨ ।
ਦੌਲਤ ਗੁਜ਼ਰਾਨ,
ਫਕੀਰ ਨ ਹਿੰਦੂ ਨ ਮੁਸਲਮਾਨ ।

ਗੁਜਰਾਤ ਤੋਂ ਚੱਲ ਕੇ ਆਪ ਵਜ਼ੀਰਾਬਾਦ, ਭਾਈ ਕੇ ਮੱਟੂ, ਹਾਫਜ਼ਾਬਾਦ ਸਰਕਪੁਰ, ਸ੍ਰੀ ਨਨਕਾਣਾ ਸਾਹਿਬ ਹੁੰਦੇ ਹੋਏ ਅੰਮ੍ਰਿਤਸਰ ਪਹੁੰਚੇ। ਕੁਝ ਚਿਰ ਪਿਛੋਂ ਨਾਲਾਗੜ੍ਹ, ਦੂਨ ਤੇ ਪਹਾੜੀ ਇਲਾਕੇ ਦਾ ਦੌਰਾ ਕੀਤਾ ਅਤੇ ਸਭ ਥਾਈਂ ਗੁਰਸਿੱਖੀ ਦਾ ਪ੍ਰਚਾਰ ਕੀਤਾ। ਫਿਰ ਆਪ ਨੇ ਮਾਲਵੇ ਦਾ ਦੌਰਾ ਕੀਤਾ। ਕਾਫੀ ਸਮਾਂ ਡਰੋਲੀ ਰੁਕੇ। ਇਥੇ ਗੁਰੂ ਜੀ ਸ਼ਿਕਾਰ ਲਈ ਗਏ। ਸਾਧੂ ਅਤੇ ਰੂਪਾ ਨਾਂ ਦੇ ਸੇਵਕਾਂ ਨੇ ਆਪ ਨੂੰ ਜਲ ਭੇਟਾ ਕੀਤਾ। ਗੁਰੂ ਜੀ ਨੇ ਉਸਦੇ ਪਰਿਵਾਰ ਨੂੰ ਦੇਗ਼–ਤੇਗ਼ ਚਲਾਉਣ ਲਈ ਕੜਛਾ ਬਖਸ਼ਿਆ। ਗੁਰੂ ਜੀ ਦੀ ਆਗਿਆ ਅਨੁਸਾਰ ਉਨ੍ਹਾਂ ਨੇ ਪਿੰਡ ਰੂਪਾ ਦੀ ਨੀਂਹ ਰੱਖੀ। ਭਾਈ ਅਸ਼ੋਕ ਸਿੰਘ ਬਾਗੜੀਆ ਇਸੇ ਘਰਾਣੇ ਵਿਚੋਂ ਹਨ।

ਗੁਰੂ ਜੀ ਨੇ ਜਬਰ ਤੇ ਜ਼ੁਲਮ ਦੇ ਖਿਲਾਫ ਚਾਰ ਵੱਡੀਆਂ ਲੜਾਈਆਂ ਲੜੀਆਂ ਅਤੇ ਚਾਰਾਂ ਵਿਚ ਹੀ ਦੁਸ਼ਮਣ ਸੈਨਾਵਾਂ ਦਾ ਭਾਰੀ ਨੁਕਸਾਨ ਹੋਇਆ। ਪਹਿਲੀ ਜੰਗ ਅੰਮ੍ਰਿਤਸਰ ਨੇੜੇ ਮੁਖਲਿਸ ਖਾਂ ਨਾਲ 1628 ਈ: ਵਿਚ ਹੋਈ। ਉਸ ਸਮੇਂ ਗੁਰੂ ਜੀ ਬੀਬੀ ਵੀਰੋ ਦੇ ਵਿਆਹ ਵਿਚ ਰੁੱਝੇ ਹੋਏ ਸਨ। ਉਨ੍ਹਾਂ ਕੋਲ ਨਾ ਤਾਂ ਕੋਈ ਤੋਪ ਸੀ ਅਤੇ ਨਾ ਹੀ ਅਸਲਾ। ਉਨ੍ਹਾਂ ਨੇ ਰੁੱਖ ਦੇ ਤਣੇ ਤੋਂ ਲੱਕੜ ਦੀ ਤੋਪ ਬਣਾ ਕੇ ਮੁਕਾਬਲਾ ਕੀਤਾ। ਮੁਖਲਿਸ ਖਾਂ ਦੇ ਮਰਨ ਦੀ ਦੇਰ ਸੀ ਕਿ ਉਸਦੀ ਫੌਜ ਪਿੱਠ ਵਿਖਾ ਕੇ ਭੱਜ ਗਈ। ਪਿਛੋਂ ਗੁਰੂ ਜੀ ਨੇ ਝਬਾਲ ਜਾ ਕੇ ਬੀਬੀ ਵੀਰੋ ਦਾ ਵਿਆਹ–ਕਾਰਜ ਸੰਪੂਰਨ ਕੀਤਾ। ਮੈਕਾਲਿਫ ਮੁਤਾਬਕ ਇਹ ਲੜਾਈ ਅੰਮ੍ਰਿਤਸਰੋਂ ਚਾਰ ਮੀਲ ਦੱਖਣ ਵੱਲ ਵੀ ਹੁੰਦੀ ਰਹੀ। ਇਥੇ ਗੁਰੂ ਜੀ ਦੀ ਜਿੱਤ ਦੀ ਯਾਦ ਵਿਚ ਗੁਰਦੁਆਰਾ ਸੰਗਰਾਣਾ ਸਾਹਿਬ ਹੈ। ਦੂਜੀ ਜੰਗ ਅਬਦੁਲ ਖਾਂ ਨਾਲ 1630 ਈ: ਵਿਚ ਹਰਿਗੋਬਿੰਦਪੁਰ ਵਿਖੇ ਹੋਈ। ਇਥੇ ਵੀ ਸ਼ਾਹੀ ਸੈਨਾਵਾਂ ਦਾ ਭਾਰੀ ਨੁਕਸਾਨ ਹੋਇਆ। ਇਥੇ ਭਗਵਾਨ ਦਾਸ, ਅਬਦੁਲ ਖਾਂ ਅਤੇ ਰਤਨ ਖਾਂ ਵਰਗੇ ਵੈਰੀ ਮਾਰੇ ਗਏ। ਇਸ ਥਾਂ ਗੁਰੂ ਜੀ ਨੇ ਦਮਦਮਾ ਸਾਹਿਬ ਬਣਵਾਇਆ। 1631 ਈ: ਵਿਚ ਲੱਲਾ ਬੇਗ਼ ਤੇ ਕਮਰ ਬੇਗ਼ ਨਾਲ ਗੁਰੂਸਰ ਮਰਾਝ ਵਿਖੇ ਤੀਜੀ ਲੜਾਈ ਹੋਈ, ਜਿਸ ਵਿਚ 1200 ਤੋਂ ਵੱਧ ਸਿੱਖ ਸ਼ਹੀਦ ਹੋਏ । ਇਥੇ ਯਾਦਗਾਰ ਵਜੋਂ ਇਕ ਸਰੋਵਰ ਬਣਾਇਆ ਗਿਆ, ਜਿਸਦਾ ਨਾਂ ਗੁਰੂਸਰ ਹੈ। ਚੌਥੀ ਜੰਗ 1634 ਈ: ਜਲੰਧਰ ਨੇੜੇ ਕਰਤਾਰਪੁਰ ਵਿਖੇ ਹੋਈ। ਇਥੇ ਵਿਰੋਧੀ ਫੌਜ ਦੀ ਅਗਵਾਈ ਕਾਲੇ ਖਾਂ ਤੇ ਪੈਂਦੇ ਖਾਂ ਕਰ ਰਹੇ ਸਨ। ਇਸ ਲੜਾਈ ਵਿਚ ਗੁਰੂ ਸਾਹਿਬ ਦੇ ਸਭ ਤੋਂ ਛੋਟੇ ਸਪੁੱਤਰ ਨੇ ਤੇਗ਼ ਦੇ ਅਜਿਹੇ ਜੌਹਰ ਵਿਖਾਏ ਕਿ ਉਨ੍ਹਾਂ ਦਾ ਨਾਂ ਤਿਆਗ ਮੱਲ ਤੋਂ ਤੇਗ਼ ਬਹਾਦਰ ਰੱਖ ਦਿੱਤਾ ਗਿਆ।

ਸਮਕਾਲੀ ਲੇਖਕ ਮੋਹਸਿਨ ਫਾਨੀ ਲਿਖਦਾ ਹੈ ਕਿ ਗੁਰੂ ਜੀ ਹਮੇਸ਼ਾ 300 ਸਵਾਰ ਅਤੇ 60 ਬੰਦੂਕਚੀ ਆਪਣੇ ਨਾਲ ਰਖਦੇ ਸਨ ਅਤੇ 700 ਘੋੜੇ ਉਨ੍ਹਾਂ ਦੇ ਤਬੇਲੇ ਵਿਚ ਬੱਝੇ ਰਹਿੰਦੇ ਸਨ। ਗੁਰੂ ਸਾਹਿਬ ਨੇ ਚਾਰ ਲੜਾਈਆਂ ਤਾਂ ਜਿੱਤੀਆਂ ਪਰ ਇਨ੍ਹਾਂ ਵਿਚ ਆਪਨੇ ਇੰਚ ਭਰ ਵੀ ਇਲਾਕਾ ਨਾ ਮੱਲਿਆ। ਆਪ ਰਾਜ ਕਾਇਮ ਨਹੀਂ ਕਰਨਾ ਚਾਹੁੰਦੇ ਸਨ। ਉਨ੍ਹਾਂ ਨੂੰ ਤਾਂ ਸਵੈ–ਰੱਖਿਆ ਲਈ ਯੁੱਧ ਕਰਨੇ ਪਏ। ਗੁਰੂ ਸਾਹਿਬ ਦਾ ਮੁੱਖ ਮਨੋਰਥ ਤਾਂ ਹਿੰਦੋਸਤਾਨੀਆਂ ਦੇ ਮਨਾਂ ਅੰਦਰ ਬੀਰ–ਰਸ ਦਾ ਸੰਚਾਰ ਕਰਨਾ ਸੀ ਤਾਂ ਜੋ ਉਹ ਜਬਰ ਤੇ ਜ਼ੁਲਮ ਵਿਰੁੱਧ ਡਟ ਕੇ, ਪਰਦੇਸੀ ਹਕੂਮਤ ਨੂੰ ਖਤਮ ਕਰਕੇ ਦੇਸ਼ ਨੂੰ ਆਜ਼ਾਦ ਕਰਵਾਉਣ ਦਾ ਬੀੜਾ ਉਠਾ ਸਕਣ।

ਇਨ੍ਹਾਂ ਯੁੱਧਾਂ ਪਿਛੋਂ ਆਪ ਕੀਰਤਪੁਰ ਸਾਹਿਬ ਚਲੇ ਗਏ ਅਤੇ ਸਿੱਖ ਧਰਮ ਨੂੰ ਜੱਥੇਬੰਦ ਕਰਨ ਲਈ ਦੂਰ–ਦੂਰ ਦੇ ਇਲਾਕਿਆਂ ਵਿਚ ਆਪਣੇ ਪ੍ਰਚਾਰਕ ਭੇਜੇ। ਆਪਣੇ ਇਕ ਸਿੱਖ ਭਾਈ ਬਿਧੀ ਚੰਦ ਨੂੰ ਉਨ੍ਹਾਂ ਨੇ ਇਸੇ ਮਹਾਨ ਕਾਰਜ ਲਈ ਬੰਗਾਲ ਭੇਜਿਆ। ਗੁਰਮਤਿ ਪ੍ਰਚਾਰ ਹਿੱਤ ਗੁਰੂ ਨਾਨਕ ਦੇਵ ਜੀ (1469–1539) ਦੀਆਂ ਉਦਾਸੀਆਂ ਦੇ ਰੂਪ ਵਿਚ ਲੰਮੀਆਂ ਯਾਤਰਾਵਾਂ ਤੋਂ ਬਾਦ ਛਠਮ ਪੀਰ ਗੁਰੂ ਹਰਿਗੋਬਿੰਦ ਸਾਹਿਬ ਨੇ ਹੀ ਭਾਰਤ ਵਿਚ ਸਭ ਤੋਂ ਜ਼ਿਆਦਾ ਥਾਂਵਾਂ ਦੀ ਯਾਤਰਾ ਕਰਕੇ ਗੁਰਮਤਿ ਸੰਦੇਸ਼ ਨੂੰ ਦੂਰ–ਦੁਰਾਡੇ ਪਹੁੰਚਾਇਆ।

ਗੁਰੂ ਸਾਹਿਬ ਨੇ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਨਾਲ ਮੁਲਾਕਾਤ ਕੀਤੀ ਅਤੇ ਆਪਣੇ ਸਭ ਤੋਂ ਵੱਡੇ ਸਪੁੱਤਰ ਬਾਬਾ ਗੁਰਦਿਤਾ ਜੀ ਨੂੰ ਉਨ੍ਹਾਂ ਦੀ ਸੇਵਾ ਲਈ ਸੌਂਪ ਦਿੱਤਾ। ਗੁਰੂ ਜੀ ਦੇ ਸੰਪਰਕ ਵਿਚ ਆਏ ਕੁਝ ਹੋਰ ਪ੍ਰਸਿੱਧ ਵਿਅਕਤੀ ਇਸ ਪ੍ਰਕਾਰ ਹਨ : ਮਾਤਾ ਕੌਲਾਂ, ਭਾਈ ਬਿਧੀ ਚੰਦ, ਬਾਬਾ ਬਾਲੂ ਹਸਨਾ, ਮਾਤਾ ਭਾਗਭਰੀ, ਭਾਈ ਮਦੂ, ਭਾਈ ਮਿਹਰਾ, ਬਖ਼ਤ ਮੱਲ, ਭਾਈ ਅਬਦੁੱਲਾ ਅਤੇ ਨੱਥਾ ਮੱਲ (ਪ੍ਰਸਿੱਧ ਢਾਡੀ), ਸੁਥਰੇ ਸ਼ਾਹੀਏ, ਭਾਈ ਸਾਦਾ, ਜੋਧ ਰਾਏ, ਬਾਬਾ ਬੁੱਢਣ ਸ਼ਾਹ, ਭਾਈ ਬੁੱਧੂ, ਭਾਈ ਸਾਈਂ ਦਾਸ, ਭਾਈ ਝੰਡਾ, ਭਾਈ ਦੌਲਾ ਸ਼ਾਹ, ਭਾਈ ਜਗਤਾ, ਬਾਬਾ ਫੂਲ, ਭਾਈ ਰੂਪ ਚੰਦ, ਭਾਈ ਰਾਜਾ ਰਾਮ।

ਜਦੋਂ ਗੁਰੂ ਸਾਹਿਬ ਨੇ ਮਹਿਸੂਸ ਕੀਤਾ ਕਿ ਉਨ੍ਹਾਂ ਦਾ ਅੰਤਮ ਸਮਾਂ ਨੇੜੇ ਆ ਗਿਆ ਤਾਂ ਆਪ ਨੇ ਆਪਣੇ ਪਿਛੋਂ ਗੁਰਗੱਦੀ ਦੀ ਜ਼ਿੰਮੇਵਾਰੀ ਆਪਣੇ ਸੱਭ ਤੋਂ ਵੱਡੇ ਸਪੁੱਤਰ ਬਾਬਾ ਗੁਰਦਿੱਤਾ ਜੀ ਦੇ ਛੋਟੇ ਸਪੁੱਤਰ ਸ੍ਰੀ (ਗੁਰੂ) ਹਰਿਰਾਇ ਜੀ ਨੂੰ ਸੌਂਪ ਦਿੱਤੀ ਅਤੇ ਆਪ 3 ਮਾਰਚ ਸੰਨ 1644 ਈ: ਨੂੰ ਕੀਰਤਪੁਰ ਸਾਹਿਬ ਵਿਖੇ ਜੋਤੀ ਜੋਤ ਸਮਾ ਗਏ। ਆਪ ਦੇ ਵਿਛੋੜੇ ਨੂੰ ਨਾ ਸਹਾਰਦਿਆਂ ਰਾਜਾ ਰਾਮ ਅਤੇ ਸ਼ਿਵ ਸਿੰਹ ਨਾਂ ਦੇ ਦੋ ਸ਼ਰਧਾਲੂ ਆਪ ਦੇ ਨਾਲ ਹੀ ਅਗਨਭੇਟ ਹੋ ਗਏ। ਹੋਰ ਵੀ ਅਨੇਕਾਂ ਸਿੱਖ ਅਜਿਹਾ ਕਰਨਾ ਚਾਹੁੰਦੇ ਸਨ ਪਰ ਗੁਰੂ ਹਰਿਰਾਇ ਜੀ ਨੇ ਉਨ੍ਹਾਂ ਨੂੰ ਰੋਕ ਦਿੱਤਾ ਅਤੇ ਭਾਣਾ–ਮੰਨਣ ਦੀ ਤਾਕੀਦ ਕੀਤੀ। ਗੁਰੂ ਸਾਹਿਬ ਦਾ ਸਸਕਾਰ ਕੀਰਤਪੁਰ ਵਿਖੇ ਸਤਲੁਜ ਦੇ ਕੰਢੇ ਕੀਤਾ ਗਿਆ, ਜਿਸਨੂੰ ਅੱਜ ਕੱਲ੍ਹ ਪਾਤਾਲਪੁਰੀ ਕਿਹਾ ਜਾਂਦਾ ਹੈ।

ਗੁਰੂ ਸਾਹਿਬ ਦੀ ਕੁੱਲ ਉਮਰ 48 ਸਾਲ, 8 ਮਹੀਨੇ, 15 ਦਿਨ ਸੀ। ਆਪ 37 ਸਾਲ, 10 ਮਹੀਨੇ, 7 ਦਿਨ ਗੁਰਗੱਦੀ ਤੇ ਬਿਰਾਜਮਾਨ ਰਹੇ। ਮੀਰੀ–ਪੀਰੀ ਦੇ ਮਾਲਕ, ਦਲ ਭੰਜਨ ਗੁਰ ਸੂਰਮਾ, ਬੰਦੀ ਛੋੜ ਸਤਿਗੁਰੂ ਦੇ ਲਕਬ ਨਾਲ ਜਾਣੇ ਜਾਂਦੇ ਗੁਰੂ ਹਰਿਗੋਬਿੰਦ ਸਾਹਿਬ ਨੇ ਮੁਸਲਮਾਨੀ ਹੱਲਿਆਂ ਅਤੇ ਮੁਗਲਈ ਰਾਜ ਦੇ ਧੱਕੇ ਤੇ ਜ਼ਬਰ ਨਾਲ ਮਧੋਲੇ ਹੋਏ ਭਾਰਤੀਆਂ ਦੇ ਮਨਾਂ ਵਿਚ ਬੀਰਰਸ ਤੇ ਸੂਰਬੀਰਤਾ ਦਾ ਸੰਚਾਰ ਕੀਤਾ। ਇਸ ਤਰ੍ਹਾਂ ਆਪ ਨੇ ਸਿਰਲੱਥ ਅਤੇ ਸਰਫਰੋਸ਼ ਪਰਵਾਨਿਆਂ ਦੀ ਉਸ ਸੂਰਬੀਰ ਅਤੇ ਸਰਦਾਰ ਖਾਲਸਾ ਕੌਮ ਦੀ ਪਨੀਰੀ ਤਿਆਰ ਕਰ ਦਿੱਤੀ ਜਿਸਨੇ ਅੱਗੇ ਜਾ ਕੇ ਭਗਤੀ ਤੇ ਸ਼ਕਤੀ ਦੇ ਅਵਤਾਰ ਗੁਰੂ ਗੋਬਿੰਦ ਸਿੰਘ (1666–1708 ਈ:) ਦੀ ਅਗਵਾਈ ਹੇਠ ਮੁਗਲਈ ਸਾਮਰਾਜ ਦੀਆਂ ਜੜ੍ਹਾਂ ਉਖੇੜ ਦਿੱਤੀਆਂ ਅਤੇ ਬਾਦ ਵਿਚ ਲਾਸਾਨੀ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ (1670–1716 ਈ:) ਦੀ ਕਮਾਨ ਹੇਠ ਖ਼ਾਲਸਈ ਰਾਜ ਦਾ ਪਰਚਮ ਸਾਰੇ ਦੇਸ਼ ਵਿਚ ਲਹਿਰਾ ਦਿੱਤਾ।

**ਪ੍ਰੋ. ਨਵ ਸੰਗੀਤ ਸਿੰਘ -# 1, ਲਤਾ ਗਰੀਨ ਐਨਕਲੇਵ, ਪਟਿਆਲਾ-147002.**



ਦੇਗ ਤੇਗ ਫ਼ਤਹਿ
ਪੰਥ ਕੀ ਜੀਤ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ
ਮਹਾਨ ਸ਼ਹੀਦੀ ਸਮਾਗਮ
24 ਤੋਂ 26 ਜੁਲਾਈ 2026
ਅਰੰਭ
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026
ਭੋਗ
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026
ਸ਼ਹੀਦ ਸਿੰਘਾਂ ਦੀ ਯਾਦ ਵਿੱਚ
ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ
ਸ਼ਹੀਦੀ ਸਮਾਗਮ
ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।
ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।
ਸਿੱਖ ਫੈਡਰੇਸ਼ਨ, ਯੂ. ਕੇ.
ਪਰਮਿੰਦਰ ਸਿੰਘ ਬੱਲ — ਪ੍ਰਧਾਨ
ਅਜੀਤਪਾਲ ਸਿੰਘ ਸਹੋਤਾ — ਜਨਰਲ ਸਕੱਤਰ
ਹਰਮੇਲ ਸਿੰਘ ਖਾਲਸਾ — ਆਰਗੇਨਾਈਜ਼ਰ
ਟੈਲੀਫ਼ੋਨ: 07771608 363 | ਈ-ਮੇਲ: PSBAL46@gmail.com

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਮੰਗਲਵਾਰ, 30 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੧੬ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਅੱਜ ਪ੍ਰਕਾਸ਼ ਪੁਰਬ 'ਤੇ ਵਿਸ਼ੇਸ਼




**ਦਲਭੰਜਨ ਗੁਰੁ ਸੂਰਮਾ ਵਡ ਜੋਧਾ ਬਹੁ ਪਰਉਪਕਾਰੀ**

**ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ**

### ਬੇਅਦਬੀ ਵਿਰੋਧੀ ਕਾਨੂੰਨ 'ਤੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਦੱਸੇ ਸਿੱਖ ਕੌਮ ਦੇ ਇਤਰਾਜ਼

# ਇੱਕ ਮਹੀਨੇ ਵਿੱਚ ਸੋਧ ਕਰਨ ਦੇ ਆਦੇਸ਼

**ਨਵੀਂ ਦਿੱਲੀ/ਅੰਮ੍ਰਿਤਸਰ, 29 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਲਿਆਂਦੇ ਗਏ ਬੇਅਦਬੀ ਵਿਰੋਧੀ ਕਾਨੂੰਨ ਨੂੰ ਲੈ ਕੇ ਸੋਮਵਾਰ ਪੰਜਾਬ ਵਿਧਾਨ ਸਭਾ ਦੇ ਸਾਰੇ ਸਿੱਖ ਵਿਧਾਇਕਾਂ ਦੀ ਸ੍ਰੀ ਅਕਾਲ ਤਖਤ ਸਾਹਿਬ 'ਤੇ ਪੇਸ਼ੀ ਹੋਈ, ਜਿਸ ਦੌਰਾਨ ਉਨ੍ਹਾਂ ਨੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਹੇਠ ਸਮੂਹ ਸਿੰਘ ਸਾਹਿਬਾਨ ਕੋਲ ਆਪਣਾ-ਆਪਣਾ ਪੱਖ ਰੱਖਿਆ। ਪੇਸ਼ੀ ਦੌਰਾਨ ਸਿੰਘ ਸਾਹਿਬ ਜਥੇਦਾਰ ਕੁਲਦੀਪ ਸਿੰਘ ਨੇ ਪੰਜਾਬ ਸਰਕਾਰ ਨੂੰ ਬੇਅਦਬੀ ਵਿਰੋਧੀ ਕਾਨੂੰਨ 'ਚ ਸਿੱਖ ਕੌਮ ਦੇ ਇਤਰਾਜ਼ਾਂ ਨੂੰ ਦੂਰ ਕਰਨ ਲਈ ਮਹੀਨੇ ਦਾ ਸਮਾਂ ਦਿੱਤਾ ਹੈ। ਪੇਸ਼ੀ ਦੌਰਾਨ ਜਥੇਦਾਰ ਸਾਹਿਬ ਨੇ ਬੇਅਦਬੀ ਵਿਰੋਧੀ ਕਾਨੂੰਨ ਨੂੰ ਲੈ ਕੇ ਇਤਰਾਜ਼ਾਂ ਬਾਰੇ ਵੀ ਦੱਸਿਆ। ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਦੋਂ ਕਿ ਕਿਸੇ ਨੂੰ ਗਲਤ ਕਰਨ ਵਾਲੇ ਨੂੰ ਢੁਕਵੀਂ ਸਜ਼ਾ ਦੇਣ ਦਾ ਅਧਿਕਾਰ ਹੈ ਅਤੇ ਦੋਸ਼ੀਆਂ ਵਿਰੁੱਧ ਅਪਰਾਧਿਕ ਕਾਨੂੰਨ ਬਣਾਉਣ ਦਾ ਅਧਿਕਾਰ ਹੈ, 2008 ਦੇ ਐਕਟ ਵਿੱਚ ਕੀਤੀਆਂ ਗਈਆਂ ਸੋਧਾਂ ਬਾਰੇ ਖਾਸ ਇਤਰਾਜ਼ ਹਨ। 'ਬੀੜ' ਦੀ ਥਾਂ 'ਸਵਰੂਪ' ਸ਼ਬਦ ਲਾਜ਼ਮੀ ਕੀਤਾ ਜਾ ਰਿਹਾ ਹੈ; ਹਾਲਾਂਕਿ, ਵਿਧਾਨ ਸਭਾ ਕੋਲ ਸਿੱਖ ਸ਼ਬਦਾਵਲੀ ਨਿਰਧਾਰਤ ਕਰਨ ਦਾ ਅਧਿਕਾਰ ਨਹੀਂ ਹੈ। 'ਬੀੜ' ਹਟਾ ਕੇ 'ਸਰੂਪ' ਕਹਿਣਾ ਸਿੱਖ ਸ਼ਬਦਾਵਲੀ ਨੂੰ ਬਦਲਣਾ ਹੈ। ਜੇ 'ਬੀੜ' ਦੇ ਨਾਲ 'ਸਰੂਪ' ਕਹਿੰਦੇ ਤਾਂ ਕੋਈ ਇਤਰਾਜ਼ ਨਹੀਂ ਸੀ। ਕਸਟੋਡੀਅਨ, ਭਾਵ ਸੰਭਾਲਕ। ਜਿਸ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦਿੱਤਾ ਗਿਆ ਹੋਵੇ। 'ਕਸਟੋਡੀਅਨ' ਸ਼ਬਦ ਤੈਅ ਕਰਨਾ ਤੁਹਾਡਾ ਅਧਿਕਾਰ ਨਹੀਂ ਹੈ। ਇਹ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਅਧਿਕਾਰ ਹੈ। ਇਸੇ ਲਈ ਮੈਂ ਕਿਹਾ ਹੈ ਕਿ ਕਿਸ ਨੂੰ ਸਰੂਪ ਦੇਣਾ ਹੈ, ਕਿਸ ਨੂੰ ਨਹੀਂ ਦੇਣਾ, ਇਹ ਪੰਥ ਤੈਅ ਕਰੇਗਾ। ਇਸ ਨੂੰ ਹਟਾਇਆ ਜਾਵੇ। ਸਰੂਪਾਂ ਲਈ ਰਜਿਸਟਰ ਬਣਾਓ, ਇਹ ਤਾਂ ਪਹਿਲਾਂ ਤੋਂ ਹੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਯੂਨਿਕ ਨੰਬਰ ਲਗਾਉਣ 'ਤੇ ਇਤਰਾਜ਼ ਹੈ। ਸਿੱਖ ਰਹਿਤ ਮਰਿਆਦਾ ਵਿੱਚ ਲਿਖਿਆ ਹੈ ਕਿ ਗੁਰਮਤਾ ਵਿਧਾਨ ਸਭਾ ਨਹੀਂ ਕਰਦੀ, ਪੰਥ ਕਰਦਾ ਹੈ। ਤੁਸੀਂ ਯੂਨਿਕ ਨੰਬਰ ਲਈ ਸੁਝਾਅ ਭੇਜ ਸਕਦੇ ਹੋ, ਹੁਕਮ ਨਹੀਂ ਦੇ ਸਕਦੇ। ਇਹ ਫ਼ੈਸਲਾ ਸਿਰਫ਼ ਪੰਥ ਹੀ ਕਰ ਸਕਦਾ ਹੈ। ਇੱਥੇ ਸਰਕਾਰ ਤਕਨੀਕੀ ਤੌਰ 'ਤੇ ਗਲਤ ਹੋ ਗਈ। ਕਸਟੋਡੀਅਨ ਦੇ ਫ਼ਰਜ਼ ਅਤੇ ਜ਼ਿੰਮੇਵਾਰੀਆਂ ਤੈਅ ਕਰਨ 'ਤੇ ਵੀ ਇਤਰਾਜ਼ ਹੈ। ਕਸਟੋਡੀਅਨ ਦੀ ਜ਼ਿੰਮੇਵਾਰੀ ਉਸ ਦੀ ਸੁਰੱਖਿਆ ਕਰਨੀ ਹੋਵੇਗੀ। ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਕਿਸ ਤਰੀਕੇ ਨਾਲ ਰੱਖਣਾ ਹੈ, ਇਹ ਵਿਧਾਨ ਸਭਾ ਤੈਅ ਨਹੀਂ ਕਰੇਗੀ। ਇਹ ਤੈਅ ਕਰਨ ਦਾ ਹੱਕ ਪੰਥ ਦਾ ਹੈ। ਇਹ ਤੁਹਾਡਾ ਅਧਿਕਾਰ ਨਹੀਂ ਹੈ। ਤੁਸੀਂ ਸਿਰਫ਼ ਇਹ ਸੁਝਾਅ ਦੇ ਸਕਦੇ ਸੀ ਕਿ ਅਕਾਲ ਤਖ਼ਤ ਇਸ ਤਰ੍ਹਾਂ ਕਰੇ। ਬੇਅਦਬੀ ਕਰਨ ਵਾਲੇ ਨੂੰ ਸਜ਼ਾ ਦੇਣ 'ਤੇ ਮੈਨੂੰ ਕੋਈ ਇਤਰਾਜ਼ ਨਹੀਂ ਹੈ। ਬੇਅਦਬੀ ਤੋਂ ਇਲਾਵਾ ਜੋ ਕੁਝ ਲਿਖਿਆ ਗਿਆ ਹੈ, ਉਹ ਕਿਸ ਲਈ ਹੈ? ਇਸ ਵਿੱਚ ਤੁਸੀਂ ਇਹ ਨਹੀਂ ਲਿਖਿਆ ਕਿ ਜੇ ਕੋਈ ਹਾਦਸਾ ਹੋ ਜਾਵੇ ਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਕੇਸ ਪ੍ਰਾਪਰਟੀ ਨਹੀਂ ਬਣਾਇਆ ਜਾਵੇਗਾ।




## ਸੰਸਦ ਮੈਂਬਰ ਅੰਮ੍ਰਿਤਪਾਲ ਦੇ ਸਾਥੀ ਦੀ ਜਲੰਧਰ ਕੋਰਟ 'ਚ ਪੇਸ਼ੀ, ਮਿਲਿਆ 3 ਦਿਨਾਂ ਦਾ ਰਿਮਾਂਡ

**ਜਲੰਧਰ, 29 ਜੂਨ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਅਜਨਾਲਾ ਥਾਣੇ 'ਤੇ ਹੋਏ ਹਮਲੇ ਦੇ ਮਾਮਲੇ ਵਿਚ ਅੰਮ੍ਰਿਤਪਾਲ ਸਿੰਘ ਸਮੇਤ ਅਤੇ ਉਸ ਦੇ ਗੰਨਮੈਨ ਗੁਰਮੀਤ ਸਿੰਘ ਬੁੱਕਣਵਾਲਾ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ। ਉਥੇ ਹੀ ਇਸ ਦੌਰਾਨ ਦਿਹਾਤੀ ਪੁਲਸ ਗੁਰਿੰਦਰ ਪਾਲ ਸਿੰਘ ਔਜਲਾ ਨੂੰ ਅੱਜ ਜਲੰਧਰ ਦੀ ਅਦਾਲਤ 'ਚ ਪੇਸ਼ ਕਰਨ ਲਈ ਲੈ ਕੋਰਟ ਵਿਚ ਲੈ ਕੇ ਆਈ। ਅਦਾਲਤ ਨੇ ਗੁਰਿੰਦਰ ਪਾਲ ਸਿੰਘ ਨੂੰ 3 ਦਿਨਾਂ ਦੇ ਪੁਲਸ ਰਿਮਾਂਡ 'ਤੇ ਭੇਜ ਦਿੱਤਾ ਹੈ। ਮਿਲੀ ਜਾਣਕਾਰੀ ਅਨੁਸਾਰ ਗੁਰਿੰਦਰ ਪਾਲ ਸਿੰਘ ਔਜਲਾ ਨੂੰ 2023 ਵਿੱਚ ਦਰਜ ਐੱਫ਼. ਆਈ. ਆਰ. ਨੰਬਰ 25 ਦੇ ਸਬੰਧ ਵਿੱਚ ਮਾਣਯੋਗ ਜੱਜ ਅਰਜੁਨ ਸੰਧੂ ਦੀ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਪੁਲਸ ਨੇ ਅਸਲਾ ਐਕਟ ਦਾ ਮਾਮਲਾ ਦਰਜ ਕਰਕੇ ਗੁਰਿੰਦਰ ਪਾਲ ਸਿੰਘ ਵਿਰੁੱਧ ਐੱਫ਼. ਆਈ. ਆਰ. ਵਿਚ ਵਾਧਾ ਕੀਤਾ ਸੀ। ਇਸ ਮਾਮਲੇ ਦੇ ਸਬੰਧ ਵਿੱਚ ਪੁਲਸ ਨੇ ਅੱਜ ਗੋਇੰਦਵਾਲ ਜੇਲ੍ਹ ਤੋਂ ਪ੍ਰੋਡਕਸ਼ਨ ਵਾਰੰਟ 'ਤੇ ਗੁਰਿੰਦਰ ਪਾਲ ਸਿੰਘ ਨੂੰ ਜਲੰਧਰ ਕੋਰਟ ਲਿਆਂਦਾ। ਮਾਮਲੇ ਬਾਰੇ ਜਾਣਕਾਰੀ ਦਿੰਦੇ ਹੋਏ ਐਡਵੋਕੇਟ ਪਰਮਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਗੁਰਿੰਦਰ ਪਾਲ ਸਿੰਘ ਔਜਲਾ ਐੱਨ. ਐੱਸ. ਏ. ਐਕਟ ਤਹਿਤ ਜੇਲ੍ਹ ਵਿੱਚ ਹੈ। ਅੱਜ ਉਸ ਨੂੰ ਗੋਇੰਦਵਾਲ ਜੇਲ੍ਹ ਤੋਂ ਇਕ ਝੂਠੇ ਮਾਮਲੇ 'ਚ ਪ੍ਰੋਡਕਸ਼ਨ ਵਾਰੰਟ 'ਤੇ ਲਿਆਂਦਾ ਗਿਆ ਸੀ। ਉਨ੍ਹਾਂ ਅੱਗੇ ਕਿਹਾ ਕਿ ਪੁਲਸ ਨੇ ਗੁਰਿੰਦਰ ਵਿਰੁੱਧ ਧਾਰਾ 188 ਤਹਿਤ ਕੇਸ ਦਰਜ ਕੀਤਾ ਸੀ ਅਤੇ ਉਹ ਉਸ ਮਾਮਲੇ ਵਿੱਚ ਜ਼ਮਾਨਤ 'ਤੇ ਬਾਹਰ ਸੀ। ਗੁਰਿੰਦਰ ਇੰਗਲੈਂਡ ਜਾ ਰਿਹਾ ਸੀ ਅਤੇ ਉਸ ਨੂੰ ਹਵਾਈ ਅੱਡੇ ਤੋਂ ਗ੍ਰਿਫ਼ਤਾਰ ਕੀਤਾ ਗਿਆ। ਇਸ ਕੇਸ ਵਿਚ ਵਾਧਾ ਕਰਦੇ ਹੋਏ ਉਸ ਨੂੰ ਜੇਲ੍ਹ ਵਿਚ ਬੰਦ ਕੀਤਾ ਗਿਆ। ਅੱਜ ਉਸ ਨੂੰ ਉਸੇ ਮਾਮਲੇ ਵਿੱਚ ਤਿੰਨ ਸਾਲ ਬਾਅਦ ਅਸਲਾ ਐਕਟ ਤਹਿਤ ਪ੍ਰੋਡਕਸ਼ਨ ਵਾਰੰਟ 'ਤੇ ਅਦਾਲਤ 'ਚ ਪੇਸ਼ ਕੀਤਾ ਗਿਆ। ਵਕੀਲ ਨੇ ਦੱਸਿਆ ਕਿ ਜਦੋਂ ਪੁਲਸ ਨੇ ਪਹਿਲੀ ਵਾਰ ਗੁਰਿੰਦਰ ਨੂੰ ਗ੍ਰਿਫ਼ਤਾਰ ਕੀਤਾ ਸੀ ਤਾਂ ਉਸ ਵਿਰੁੱਧ ਕੋਈ ਅਸਲਾ ਐਕਟ ਦਾ ਕੇਸ ਦਰਜ ਨਹੀਂ ਕੀਤਾ ਗਿਆ ਸੀ ਪਰ ਹੁਣ ਰਾਜਨੀਤਿਕ ਦਬਾਅ ਹੇਠ ਉਸ ਵਿਰੁੱਧ ਝੂਠਾ ਕੇਸ ਦਰਜ ਕੀਤਾ ਗਿਆ ਹੈ। ਵਕੀਲ ਨੇ ਦੱਸਿਆ ਕਿ ਪੁਲਸ ਨੇ ਗੁਰਿੰਦਰ ਲਈ ਪੰਜ ਦਿਨਾਂ ਦਾ ਪੁਲਸ ਰਿਮਾਂਡ ਮੰਗਿਆ ਸੀ ਅਤੇ ਅਦਾਲਤ ਨੇ ਤਿੰਨ ਦਿਨਾਂ ਦਾ ਰਿਮਾਂਡ ਦਿੱਤਾ।




## ਪਾਕਿਸਤਾਨ ਨੇ ਅਫਗਾਨਿਸਤਾਨ 'ਚ ਮਚਾਈ ਤਬਾਹੀ; 29 ਲੋਕਾਂ ਦੀ ਮੌਤ, ਕਈ ਜ਼ਖਮੀ



**ਇਸਬਲਾਮਾਬਾਦ/ਕਾਬੁਲ, 29 ਜੂਨ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਨੇ ਅਫਗਾਨਿਸਤਾਨ ਨਾਲ ਲੱਗਦੀ ਸਰਹੱਦ 'ਤੇ ਹਮਲੇ ਕੀਤੇ, ਜਿਸ ਵਿੱਚ 29 ਲੋਕ ਮਾਰੇ ਗਏ। ਡਾਨ ਨਿਊਜ਼ ਦੇ ਅਨੁਸਾਰ ਪਾਕਿਸਤਾਨ ਦੇ ਸੂਚਨਾ ਮੰਤਰੀ, ਅਤਾਉੱਲਾ ਤਰਾਰ, ਨੇ ਕਿਹਾ ਕਿ ਪਾਕਿਸਤਾਨੀ ਸੁਰੱਖਿਆ ਬਲਾਂ ਨੇ ਪਾਕਿਸਤਾਨ-ਅਫਗਾਨਿਸਤਾਨ ਸਰਹੱਦ 'ਤੇ ਖੁਫੀਆ ਜਾਣਕਾਰੀ ਅਧਾਰਤ ਅਤੇ ਯੋਜਨਾਬੱਧ ਹਮਲੇ ਕੀਤੇ। ਮੰਤਰੀ ਨੇ ਕਿਹਾ ਕਿ ਇਹ ਕਾਰਵਾਈ ਖੈਬਰ ਪਖਤੂਨਖਵਾ, ਬਲੋਚਿਸਤਾਨ ਅਤੇ ਕਰਾਚੀ ਵਿੱਚ ਪਾਕਿਸਤਾਨ ਰੇਂਜਰਸ (ਸਿੰਧ) ਕੈਂਪ ਵਿੱਚ ਮਾਸੂਮ ਨਾਗਰਿਕਾਂ ਵਿਰੁੱਧ ਹਾਲ ਹੀ ਵਿੱਚ ਹੋਈਆਂ ਕਈ ਅੱਤਵਾਦੀ ਘਟਨਾਵਾਂ ਦੇ ਮੱਦੇਨਜ਼ਰ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਹਮਲੇ ਵਿੱਚ ਅਫਗਾਨ ਸਰਹੱਦੀ ਖੇਤਰਾਂ ਵਿੱਚ ਜ਼ਮੀਨੀ ਕਾਰਵਾਈਆਂ ਸ਼ਾਮਲ ਸਨ ਅਤੇ ਪਾਕਿਸਤਾਨੀ ਸਰਕਾਰ ਦੇ ਅਨੁਸਾਰ, ਤਹਿਰੀਕ-ਏ-ਤਾਲਿਬਾਨ ਪਾਕਿਸਤਾਨ (ਟੀਟੀਪੀ) ਨਾਲ ਜੁੜੇ ਇੱਕ ਅੱਤਵਾਦੀ ਸਮੂਹ, ਜਮਾਤ-ਉਲ-ਅਹਰਾਰ ਨੂੰ ਨਿਸ਼ਾਨਾ ਬਣਾਇਆ ਗਿਆ। ਸਿੰਧ ਪੁਲਿਸ ਮੁਖੀ ਨੇ ਡਾਨ ਨਿਊਜ਼ ਨੂੰ ਦੱਸਿਆ ਕਿ ਸ਼ਨੀਵਾਰ ਰਾਤ ਨੂੰ ਕਰਾਚੀ ਦੇ ਗੁਲਿਸਤਾਨ-ਏ-ਜੌਹਰ ਖੇਤਰ ਵਿੱਚ ਪਾਕਿਸਤਾਨ ਸਿੰਧ ਰੇਂਜਰਸ ਦੇ ਸੂਬਾਈ ਹੈੱਡਕੁਆਰਟਰ 'ਤੇ ਹੋਏ ਹਮਲੇ ਵਿੱਚ ਤਿੰਨ ਪਾਕਿਸਤਾਨੀ ਸੈਨਿਕ ਮਾਰੇ ਗਏ ਅਤੇ ਤਿੰਨ ਅੱਤਵਾਦੀ ਵੀ ਮਾਰੇ ਗਏ। ਸਿੰਧ ਦੇ ਇੰਸਪੈਕਟਰ ਜਨਰਲ ਜਾਵੇਦ ਆਲਮ ਓਢੋ ਨੇ ਕਿਹਾ ਕਿ ਅੱਤਵਾਦੀਆਂ ਨੇ ਉਨ੍ਹਾਂ ਦੀ ਗੱਡੀ ਨੂੰ ਮੁੱਖ ਗੇਟ ਨਾਲ ਟੱਕਰ ਮਾਰ ਦਿੱਤੀ। ਪਾਕਿਸਤਾਨ ਨੇ ਹਾਲ ਹੀ ਦੇ ਮਹੀਨਿਆਂ ਵਿੱਚ ਅਫਗਾਨਿਸਤਾਨ ਵਿੱਚ ਕਈ ਹਵਾਈ ਹਮਲੇ ਕੀਤੇ ਹਨ; ਇਨ੍ਹਾਂ ਵਿੱਚੋਂ ਆਖਰੀ ਇਸ ਮਹੀਨੇ ਦੇ ਸ਼ੁਰੂ ਵਿੱਚ ਹੋਇਆ ਸੀ। ਇਸਲਾਮਾਬਾਦ ਦੀ ਸਰਕਾਰ ਦਾ ਦੋਸ਼ ਹੈ ਕਿ ਤਾਲਿਬਾਨ ਸਰਕਾਰ ਹਮਲਿਆਂ ਵਿੱਚ ਵਾਧੇ ਲਈ ਜ਼ਿੰਮੇਵਾਰ ਕੱਟੜਪੰਥੀਆਂ ਨੂੰ ਪਨਾਹ ਦੇ ਰਹੀ ਹੈ, ਖਾਸ ਕਰਕੇ ਟੀਟੀਪੀ, ਜਿਸਨੇ ਸਾਲਾਂ ਤੋਂ ਪਾਕਿਸਤਾਨ ਵਿਰੁੱਧ ਹਿੰਸਕ ਮੁਹਿੰਮ ਚਲਾਈ ਹੋਈ ਹੈ।

**ਜਰਮਨੀ ਦੇ ਸਟੇਡ 'ਚ ਗੋਲੀਬਾਰੀ 'ਚ 5 ਲੋਕਾਂ ਦੀ ਮੌਤ, ਹਮਲਾਵਰ ਗ੍ਰਿਫ਼ਤਾਰ :** ਜਰਮਨੀ ਦੇ ਸਟੇਡ ਸ਼ਹਿਰ ਵਿਚ ਸੋਮਵਾਰ ਨੂੰ ਗੋਲੀਬਾਰੀ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਕ ਇਸ ਗੋਲੀਬਾਰੀ ਵਿਚ ਪੰਜ ਲੋਕਾਂ ਦੀ ਮੌਤ ਹੋ ਗਈ ਹੈ। ਹਾਲਾਂਕਿ ਇਹ ਗੋਲੀਬਾਰੀ ਕਿਸ ਲਈ ਹੋਈ ਅਤੇ ਕਿਨ੍ਹਾਂ ਲੋਕਾਂ ਦੇ ਵਿਚਕਾਰ ਹੋਈ, ਇਸ ਬਾਰੇ ਅਜੇ ਤੱਕ ਕੋਈ ਜਾਣਕਾਰੀ ਸਾਹਮਣੇ ਨਹੀਂ ਆਈ ਹੈ। ਫਿਲਹਾਲ ਮੌਕੇ 'ਤੇ ਪੁਲਸ ਦੀ ਟੀਮ ਪਹੁੰਚ ਗਈ ਹੈ ਅਤੇ ਪੁਲਸ ਨੇ ਇਲਾਕੇ ਨੂੰ ਸੀਲ ਕਰ ਦਿੱਤਾ ਹੈ। ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਇਲਾਕੇ ਵਿਚ ਨਾ ਜਾਣ। ਇਸ ਦੇ ਨਾਲ ਹੀ ਹੁਣ ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ। ਅਜੇ ਤੱਕ ਇੱਕ ਸ਼ੱਕੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਸ ਨੇ ਦੱਸਿਆ ਕਿ ਸੋਮਵਾਰ ਨੂੰ ਉੱਤਰੀ ਜਰਮਨੀ ਦੇ ਸਟੇਡ ਸ਼ਹਿਰ ਵਿਚ ਹੋਈ ਗੋਲੀਬਾਰੀ ਵਿਚ ਪੰਜ ਲੋਕਾਂ ਦੀ ਮੌਤ ਹੋ ਗਈ। ਇੱਕ ਸ਼ੱਕੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਸ ਨੇ ਕਿਹਾ ਕਿ ਨੌਜਵਾਨਾਂ ਲਈ ਬਣੇ ਇੱਕ ਸੈਂਟਰ ਦੇ ਕੋਲ ਗੋਲੀਆਂ ਚੱਲੀਆਂ ਤੇ ਉਹ ਸ਼ਹਿਰ ਦੇ ਸੈਂਟਰ ਦੇ ਦੱਖਣ ਵਿਚ ਸਥਿਤ ਸੜਕ, ਡੈਂਕਰਸਟ੍ਰਾਸ 'ਤੇ ਇੱਕ ਵੱਡਾ ਆਪ੍ਰੇਸ਼ਨ ਚਲਾ ਰਹੇ ਸਨ।

## ਪੰਜਾਬ ਦੀ ਸਿਆਸਤ 'ਚ ਵੱਡੀ ਹਲਚਲ, ਭਾਜਪਾ ਨੇ ਚਾਰ ਆਗੂਆਂ ਨੂੰ ਪਾਰਟੀ 'ਚੋਂ ਕੱਢਿਆ

**ਚੰਡੀਗੜ੍ਹ, 29 ਜੂਨ (ਆਵਾਜ਼ਿ ਕੌਮ ਬਿਊਰੋ)**-ਫਿਰੋਜ਼ਪੁਰ ਵਿਚ ਭਾਰਤੀ ਜਨਤਾ ਪਾਰਟੀ ਵੱਲੋਂ ਪਾਰਟੀ ਅਨੁਸ਼ਾਸਨ ਨੂੰ ਲੈ ਕੇ ਵੱਡੀ ਕਾਰਵਾਈ ਕੀਤੀ ਗਈ ਹੈ। ਪਾਰਟੀ ਵਿਰੋਧੀ ਗਤੀਵਿਧੀਆਂ ਕਰਨ ਵਾਲੇ ਚਾਰ ਆਗੂਆਂ ਨੂੰ ਛੇ ਸਾਲ ਲਈ ਪਾਰਟੀ ਤੋਂ ਬਾਹਰ ਕਰ ਦਿੱਤਾ ਗਿਆ ਹੈ। ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਬਾਠ ਅਤੇ ਹੋਰ ਭਾਜਪਾ ਆਗੂਆਂ ਨੇ ਪ੍ਰੈਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਕੌਂਸਲ ਚੋਣਾਂ ਦੌਰਾਨ ਪਾਰਟੀ ਦੇ ਅਧਿਕਾਰਤ ਉਮੀਦਵਾਰਾਂ ਦੇ ਵਿਰੁੱਧ ਆਜ਼ਾਦ ਚੋਣ ਲੜਨ ਦੇ ਚੱਲਦੇ ਰਜੇਸ਼ ਕੁਮਾਰ ਨਿੰਦੀ, ਰਿਤੂ ਧਵਨ, ਚਰਨਪ੍ਰੀਤ, ਅਸ਼ਵਨੀ ਗਰੋਵਰ ਨੂੰ ਪਾਰਟੀ ਵਿਰੋਧੀ ਗਤੀਵਿਧੀਆਂ ਦੇ ਦੋਸ਼ਾਂ ਹੇਠ ਛੇ ਸਾਲ ਲਈ ਪਾਰਟੀ ਵਿਚੋਂ ਕੱਢ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਵਿਚ ਅਨੁਸ਼ਾਸਨ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਜੋ ਵੀ ਆਗੂ ਪਾਰਟੀ ਦੇ ਫੈਸਲਿਆਂ ਦੀ ਉਲੰਘਣਾ ਕਰੇਗਾ, ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਹੋਰ ਭਾਜਪਾ ਆਗੂ ਵੀ ਮੌਜੂਦ ਰਹੇ, ਜਿਨ੍ਹਾਂ ਨੇ ਪਾਰਟੀ ਦੇ ਫੈਸਲੇ ਨੂੰ ਸੰਗਠਨ ਨੂੰ ਮਜ਼ਬੂਤ ਕਰਨ ਵੱਲ ਅਹਿਮ ਕਦਮ ਦੱਸਿਆ। ਫਿਲਹਾਲ ਇਸ ਕਾਰਵਾਈ ਤੋਂ ਬਾਅਦ ਫਿਰੋਜ਼ਪੁਰ ਦੀ ਸਿਆਸਤ ਵਿੱਚ ਨਵੀਂ ਚਰਚਾ ਛਿੜ ਗਈ ਹੈ ਅਤੇ ਇਸ ਦੇ ਆਉਣ ਵਾਲੇ ਸਮੇਂ ਵਿੱਚ ਰਾਜਨੀਤਿਕ ਪ੍ਰਭਾਵ ਵੀ ਦੇਖਣ ਨੂੰ ਮਿਲ ਸਕਦੇ ਹਨ।

## ਪੰਜਾਬ 'ਚ 10 ਰੁਪਏ ਪਿੱਛੇ ਕਤਲ !

**ਮਾਨਸਾ:** ਮਾਨਸਾ ਸ਼ਹਿਰ ਤੋਂ ਬਹੁਤ ਹੀ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ, ਜਿੱਥੇ 10 ਰੁਪਏ ਪਿੱਛੇ ਇਕ ਨੌਜਵਾਨ ਦਾ ਬੜੀ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਮ੍ਰਿਤਕ ਦੀ ਪਛਾਣ ਰਾਕੇਸ਼ ਕੁਮਾਰ ਵਜੋਂ ਹੋਈ ਹੈ, ਜੋ ਐਨਰਜੀ ਡ੍ਰਿੰਕਸ ਦਾ ਕੰਮ ਕਰਦਾ ਸੀ। ਮੁੱਢਲੀ ਜਾਣਕਾਰੀ ਮੁਤਾਬਕ, ਇਹ ਸਾਰਾ ਵਿਵਾਦ ਮਹਿਜ਼ 10 ਰੁਪਏ ਤੋਂ ਸ਼ੁਰੂ ਹੋਇਆ ਸੀ। ਇਕ ਕੰਪਨੀ ਦਾ ਮੁਲਾਜ਼ਮ ਰਾਕੇਸ਼ ਕੁਮਾਰ ਕੋਲ ਆਇਆ ਤੇ 10 ਰੁਪਏ ਪਿੱਛੇ ਹੋਈ ਬਹਿਸ ਮਗਰੋਂ ਉਸ ਨੇ ਕੰਪਨੀ ਦੇ ਬੋਰਡ ਉਤਾਰਨ ਲਈ ਕਿਹਾ। ਜਦੋਂ ਰਾਕੇਸ਼ ਕੁਮਾਰ ਨੇ ਬੋਰਡ ਉਤਰਵਾਉਣ ਤੋਂ ਇਨਕਾਰ ਕਰ ਦਿੱਤਾ ਤਾਂ ਕੰਪਨੀ ਦੇ ਮੁਲਾਜ਼ਮ ਨੇ ਚਾਕੂ ਮਾਰ ਕੇ ਰਾਕੇਸ਼ ਕੁਮਾਰ ਦਾ ਕਤਲ ਕਰ ਦਿੱਤਾ। ਕਤਲ ਕਰਨ ਵਾਲੇ ਮੁਲਜ਼ਮ ਦਾ ਨਾਂ ਹਰਦਿਆਲ ਦੱਸਿਆ ਜਾ ਰਿਹਾ ਹੈ। ਫ਼ਿਲਹਾਲ ਇਸ ਘਟਨਾ ਦੀ ਸੂਚਨਾ ਮਿਲਦਿਆਂ ਹੀ ਪੁਲਸ ਪਾਰਟੀ ਨੇ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ। ਪੁਲਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91

### ਸਤਿਕਾਰ ਕਾਨੂੰਨ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਵੱਡਾ ਫ਼ੈਸਲਾ

# ਇੱਕ ਮਹੀਨੇ ਵਿੱਚ ਸੋਧ ਕਰਨ ਦੇ ਆਦੇਸ਼










**ਨਵੀਂ ਦਿੱਲੀ, 29 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਸਬੰਧੀ ਹੋਈ ਵਿਸ਼ੇਸ਼ ਇਕੱਤਰਤਾ ਦੌਰਾਨ ਪੰਜ ਸਿੰਘ ਸਾਹਿਬਾਨ ਨੇ ਪੰਜਾਬ ਸਰਕਾਰ ਨੂੰ ਕਾਨੂੰਨ ਵਿੱਚ ਸਿੱਖ ਭਾਵਨਾਵਾਂ ਅਨੁਸਾਰ ਸੋਧ ਕਰਨ ਲਈ ਇੱਕ ਮਹੀਨੇ ਦਾ ਸਮਾਂ ਦਿੱਤਾ ਹੈ। ਨਾਲ ਹੀ ਆਦੇਸ਼ ਕੀਤਾ ਗਿਆ ਕਿ ਜਦੋਂ ਤੱਕ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਹਿਮਤੀ ਅਨੁਸਾਰ ਸੋਧ ਨਹੀਂ ਕੀਤੀ ਜਾਂਦੀ, ਉਦੋਂ ਤੱਕ ਇਸ ਕਾਨੂੰਨ ਦੀ ਕਾਰਵਾਈ ਮੁਲਤਵੀ ਰੱਖੀ ਜਾਵੇ। ਇਕੱਤਰਤਾ ਦੀ ਅਗਵਾਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕੀਤੀ। ਇਕੱਤਰਤਾ ਦੌਰਾਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਮੰਤਰੀ ਇੰਦਰਬੀਰ ਸਿੰਘ ਨਿੱਝਰ, ਗੁਰਮੀਤ ਸਿੰਘ ਖੁੱਡੀਆਂ, ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ, ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ, ਪਰਗਟ ਸਿੰਘ, ਮਨਪ੍ਰੀਤ ਸਿੰਘ ਅਯਾਲੀ ਸਮੇਤ ਵੱਖ-ਵੱਖ ਪਾਰਟੀਆਂ ਦੇ ਮੰਤਰੀਆਂ ਅਤੇ ਵਿਧਾਇਕਾਂ ਨੇ ਆਪਣੇ ਵਿਚਾਰ ਰੱਖੇ। ਚਰਚਾ ਦੌਰਾਨ ਕਈ ਵਿਧਾਇਕਾਂ ਅਤੇ ਮੰਤਰੀਆਂ ਨੇ ਮੰਨਿਆ ਕਿ ਵਿਧਾਨ ਸਭਾ ਵਿੱਚ ਸੋਧ ਬਿੱਲ ਪਾਸ ਕਰਨ ਤੋਂ ਪਹਿਲਾਂ ਉਨ੍ਹਾਂ ਨੇ ਨਾ ਤਾਂ ਇਸ ਦਾ ਖਰੜਾ ਪੜ੍ਹਿਆ ਸੀ ਅਤੇ ਨਾ ਹੀ ਉਸ 'ਤੇ ਵਿਸਥਾਰ ਨਾਲ ਵਿਚਾਰ ਕੀਤਾ ਸੀ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਇੰਨੇ ਸੰਵੇਦਨਸ਼ੀਲ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਸੰਸਥਾਵਾਂ ਨਾਲ ਸਲਾਹ-ਮਸ਼ਵਰਾ ਕੀਤੇ ਬਿਨਾਂ ਕਾਨੂੰਨ ਪਾਸ ਕਰਨਾ ਪੰਜਾਬ ਸਰਕਾਰ ਦੀ ਗੰਭੀਰ ਅਣਗਹਿਲੀ ਹੈ। ਉਨ੍ਹਾਂ ਕਿਹਾ ਕਿ ਕਾਨੂੰਨ ਵਿੱਚ ਸਿੱਖ ਮਰਯਾਦਾ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰ ਖੇਤਰ ਅਤੇ ਸ਼੍ਰੋਮਣੀ ਕਮੇਟੀ ਦੇ ਅੰਦਰੂਨੀ ਮਾਮਲਿਆਂ ਵਿੱਚ ਦਖ਼ਲ ਦੇਣ ਵਾਲੀਆਂ ਇਤਰਾਜ਼ਯੋਗ ਧਾਰਾਵਾਂ ਨੂੰ ਹਟਾਇਆ ਜਾਣਾ ਚਾਹੀਦਾ ਹੈ। ਨਾਲ ਹੀ ਇਹ ਵੀ ਸੁਝਾਅ ਦਿੱਤਾ ਗਿਆ ਕਿ ਜੇਕਰ ਕਿਸੇ ਸਿੱਖ-ਵਿਰੋਧੀ ਡੇਰੇ ਨਾਲ ਸਬੰਧਤ ਵਿਅਕਤੀ ਵੱਲੋਂ ਜਾਣਬੁੱਝ ਕੇ ਬੇਅਦਬੀ ਕੀਤੀ ਜਾਂਦੀ ਹੈ ਤਾਂ ਸਬੰਧਤ ਡੇਰੇ ਦੇ ਮੁਖੀ ਵਿਰੁੱਧ ਵੀ ਕਾਨੂੰਨੀ ਕਾਰਵਾਈ ਦੀ ਵਿਵਸਥਾ ਕੀਤੀ ਜਾਵੇ। ਇਕੱਤਰਤਾ ਦੇ ਅੰਤ ਵਿੱਚ ਪੰਜ ਸਿੰਘ ਸਾਹਿਬਾਨ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਹਾਜ਼ਰ ਸਿੱਖ ਮੰਤਰੀਆਂ ਅਤੇ ਵਿਧਾਇਕਾਂ ਤੋਂ ਸਿੱਖ ਭਾਵਨਾਵਾਂ ਅਨੁਸਾਰ ਕਾਨੂੰਨ ਵਿੱਚ ਲੋੜੀਂਦੀਆਂ ਸੋਧਾਂ ਕਰਨ ਲਈ ਸਹਿਮਤੀ ਲਈ ਗਈ, ਜਿਸ 'ਤੇ ਸਾਰਿਆਂ ਨੇ ਹੱਥ ਖੜ੍ਹੇ ਕਰਕੇ ਸਮਰਥਨ ਪ੍ਰਗਟਾਇਆ। ਜਥੇਦਾਰ ਗੜਗੱਜ ਨੇ 2015 ਬਰਗਾੜੀ ਬੇਅਦਬੀ ਅਤੇ 2017 ਮੌੜ ਬੰਬ ਧਮਾਕਾ ਮਾਮਲਿਆਂ ਵਿੱਚ ਇਨਸਾਫ਼ ਨਾ ਮਿਲਣ ਦਾ ਮੁੱਦਾ ਵੀ ਉਠਾਉਂਦਿਆਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ। ਇਕੱਤਰਤਾ ਤੋਂ ਬਾਅਦ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਖ਼ਾਲਸਾ ਪੰਥ ਤੇ ਪੰਜਾਬ ਅਤੇ ਸਮੁੱਚੀ ਮਨੁੱਖਤਾ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਇਸ ਉਪਰੰਤ ਸਿੰਘ ਸਾਹਿਬਾਨ ਨੇ ਸਮੂਹ ਵਿਧਾਇਕਾਂ ਅਤੇ ਮੰਤਰੀਆਂ ਨਾਲ ਪੰਗਤ ਵਿੱਚ ਬੈਠ ਕੇ ਲੰਗਰ ਛਕਿਆ।

> **'ਬਿੱਲ ਪੜ੍ਹੇ ਬਿਨਾਂ ਪਾਸ ਕੀਤਾ'—ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵਿਧਾਇਕਾਂ ਦੀ ਕਬੂਲੀਅਤ, ਸੋਧ ਕਰਨ ਲਈ ਸਹਿਮਤੀ**

### ਬਾਬਾ ਜਵੰਦ ਸਿੰਘ ਜੀ ਦੇ ਜਨਮ ਦਿਹਾੜੇ ਤੇ 20 ਜੁਲਾਈ ਨੂੰ ਵਾਤਾਵਰਣ ਬਚਾਓ ਕਮੇਟੀ ਤਾਰਾਗੜ੍ਹ ਵੱਲੋਂ ਐਨ. ਆਰ. ਆਈ. ਵੀਰਾਂ ਤੇ ਸਮੂਹ ਪਿੰਡ ਦੇ ਸਹਿਯੋਗ ਨਾਲ ਪਿੰਡ ਭੰਗਵਾਂ ਵਿਖੇ

# ਤੀਸਰਾ ਬੂਟਿਆਂ ਦਾ ਲੰਗਰ ਲਗਾਇਆ ਜਾਵੇਗਾ

**ਜੰਡਿਆਲਾ ਗੁਰੂ, 29 ਜੂਨ (ਕੁਲਵੰਤ ਸਿੰਘ ਵਿਰਦੀ )**-ਵਾਤਾਵਰਣ ਬਚਾਓ ਕਮੇਟੀ ਪਿੰਡ ਤਾਰਾਗੜ੍ਹ ਦੇ ਨੌਜਵਾਨ ਆਗੂ ਲਵਪ੍ਰੀਤ ਸਿੰਘ ਤਾਰਾਗੜ੍ਹ ਵੱਲੋਂ ਅੱਜ ਪਿੰਡ ਵਿੱਚ ਇਕੱਠੇ ਹੋ ਕੇ 20 ਜੁਲਾਈ ਨੂੰ ਬੂਟਿਆਂ ਦੇ ਲੰਗਰ ਲਗਾਉਣ ਸਬੰਧੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਨੌਜਵਾਨਾਂ ਕਿਹਾ ਕਿ ਧੰਨ ਧੰਨ ਬਾਬਾ ਜਵੰਦ ਸਿੰਘ ਦੇ ਜਨਮ ਦਿਹਾੜੇ ਮੌਕੇ ਪਿੰਡ ਭੰਗਵਾਂ ਵਿੱਚ ਤੀਸਰਾ ਫਲ ਦਾਰ ਬੂਟਿਆਂ ਦਾ ਲੰਗਰ ਲਗਾਇਆ ਜਾਵੇ ਗਾ। ਨੌਜਵਾਨਾਂ ਕਿਹਾ ਕਿ ਓਹਨਾਂ ਵੱਲੋਂ ਪਹਿਲਾਂ ਵੀ ਕਈ ਜਗ੍ਹਾ ਤੇ ਬੂਟੇ ਲਗਾਏ ਗਏ ਹਨ ਅਤੇ ਆਉਣ ਵਾਲੇ ਸਮੇਂ ਵਿਚ ਵੀ ਉਹ ਰੁੱਖ ਲਗਾਉਂਦੇ ਰਹਿਣਗੇ। ਓਹਨਾਂ ਕਿਹਾ ਕਿ ਜਿਵੇਂ ਕਿ ਆਪ ਸਭ ਦੇਖ ਸਕਦੇ ਹੋ ਕਿ ਮੌਸਮ ਹਰ ਰੋਜ਼ ਕਿਵੇਂ ਬਦਲ ਰਿਹਾ ਹੈ, ਕਿਤੇ ਸੋਕੇ ਦੀ ਮਾਰ ਵੱਜ ਰਹੀ ਹੈ ਅਤੇ ਕਈ ਜਗ੍ਹਾ ਜਿਆਦਾ ਬਰਸਾਤਾਂ ਕਾਰਨ ਹੜ੍ਹ ਆਉਣ ਦੀ ਨੌਬਤ ਆ ਚੁੱਕੀ ਹੈ, ਇਸਦਾ ਕਾਰਨ ਲਗਾਤਾਰ ਦਰੱਖਤਾਂ ਦੀ ਕਟਾਈ ਹੈ। ਨੌਜਵਾਨਾਂ ਕਿਹਾ ਕਿ ਇੱਕ ਦਰੱਖਤ ਤਿਆਰ ਹੋਣ ਨੂੰ ਕਿੰਨੇ ਸਾਲ ਲੱਗ ਜਾਂਦੇ ਹਨ। ਪਰ ਅਸੀਂ ਤਰੱਕੀ ਦੇ ਨਾਮ ਨੇ ਓਸ ਰੁੱਖ ਕਟਣ ਲਗੇ ਮਿੰਟ ਨਹੀਂ ਸੋਚਦੇ। ਵਾਤਾਵਰਣ ਬਚਾਓ ਕਮੇਟੀ ਦੇ ਨੌਜਵਾਨਾਂ ਕਿਹਾ ਕਿ ਜੇਕਰ ਹਰ ਇਨਸਾਨ ਰੁੱਖ ਲਗਾਏ ਅਤੇ ਉਸਦੀ ਸਾਂਭ ਸੰਭਾਲ ਕਰੇ ਤਾਂ ਆਉਣ ਵਾਲੇ ਸਮੇਂ ਵਾਤਾਵਰਣ ਨੂੰ ਬਚਾਇਆ ਜਾ ਸਕਦਾ ਹੈ। ਓਹਨਾਂ ਸੱਭ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਸਭ ਪੰਜਾਬ ਵਾਸੀ ਇਕੱਠੇ ਹੋਕੇ ਪੰਜਾਬ ਨੂੰ ਬਚਾਉਣ ਲਈ ਉਪਰਾਲਾ ਕਰੀਏ। ਇਸ ਮੌਕੇ ਲਵਪ੍ਰੀਤ ਸਿੰਘ, ਹਰਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਗੁਰਜੰਟ ਸਿੰਘ, ਅਨਮੋਲਪ੍ਰੀਤ ਸਿੰਘ, ਜਸਕਰਨ ਸਿੰਘ, ਅੰਮ੍ਰਿਤਪਾਲ ਸਿੰਘ ਜੇ ਈ, ਹਰਪ੍ਰੀਤ ਸਿੰਘ ਹੀਰਾ, ਗੁਰਮੇਲ ਸਿੰਘ, ਗੁਰਮਾਨਕ ਸਿੰਘ, ਅੰਮ੍ਰਿਤਪਾਲ ਸਿੰਘ ਫੌਜੀ ਸਾਬ, ਸੁਖਪ੍ਰੀਤ ਸਿੰਘ, ਅੰਸ਼ਪ੍ਰੀਤ ਸਿੰਘ, ਰਾਹੁਲਪ੍ਰੀਤ ਸਿੰਘ, ਗੁਰਨੀਰਤ ਸਿੰਘ, ਸਾਹਿਲ ਸਿੰਘ ਹਾਜਰ ਸਨ!



# 5 ਸਾਲ ਤੱਕ ਦੇ ਬੱਚਿਆਂ ਨੂੰ ਪਿਆਈਆਂ ਪੋਲੀਓ ਰੋਕੂ ਬੂੰਦਾਂ




**ਚੌਕ ਮਹਿਤਾ, 29 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦੋ ਬੂੰਦਾ ਹਰ ਵਾਰ ਪੋਲਿਓ ਤੇ ਰਹੇ ਜਿੱਤ ਬਰਕਰਾਰ ਨੂੰ ਸਾਰਥਕ ਕਰਨ ਦੇ ਮਨੋਰਥ ਨਾਲ ਸਿਹਤ ਅਧਿਕਾਰੀਆ ਪਲਸ ਪੋਲੀਓ ਅਭਿਆਨ ਤਹਿਤ ਸਿਵਲ ਸਰਜਨ ਡਾ.ਸਤਿੰਦਰ ਸਿੰਘ ਦੇ ਦਿਸਾ ਨਿਰਦੇਸਾ ਅਤੇ ਐਸਐਮਓ ਤਰਸਿੱਕਾ ਡਾ. ਮੋਨਾ ਚਥਰਥ ਦੀ ਅਗਵਾਈ ਹੇਠ ਸੀਐਚਸੀ ਤਰਸਿਕਾ ਅਧੀਨ ਵੱਖ-ਵੱਖ ਪਿੰਡਾ ਵਿਚ ਪਹਿਲੇ ਦਿਨ ਕੁਲ 7000 ਦੇ ਕਰੀਬ 0 ਤੋਂ 5 ਸਾਲ ਤੱਕ ਬੱਚਿਆ ਨੂੰ ਪੋਲੀਓ ਰੋਕੂ ਬੂੰਦਾ ਪਿਲਾਈਆ ਗਈਆ। ਇਸ ਦੌਰਾਨ ਟੀਮਾ ਵਲੋਂ ਵੱਖ ਵੱਖ ਪਿੰਡਾ ਵਿਚ ਬੂਥਾ ਅਤੇ ਭੱਠੇ ਅਤੇ ਪਰਵਾਸੀ ਮਜਦੂਰਾ ਦੀਆ ਬਸਤੀਆ ਤੇ ਜਾ ਕੇ ਵੀ ਪੋਲੀਓ ਬੂੰਦਾ ਪਿਲਾਈਆ ਗਈਆ। ਇਸ ਮੌਕੇ ਨੋਡਲ ਅਫਸਰ ਡਾ. ਰਸਲੀਨ ਕੋਰ, ਗੁਰਮੁਖ ਸਿੰਘ ਬੀਈਈ, ਦਵਿੰਦਰ ਕੌਰ ਐਲਐਚਵੀ, ਕੰਵਲਜੀਤ ਕੌਰ ਏਐਨਐਮ, ਕੁਲਵੰਤ ਕੌਰ ਆਸਾ ਆਦਿ ਹਾਜ਼ਰ ਸਨ।

# 5 ਸਾਲ ਦੇ ਬੱਚਿਆਂ ਨੂੰ ਪੋਲਿਓ ਬੂੰਦਾਂ ਪਿਆਈਆਂ-ਅਸੌਕ ਕੁਮਾਰ ਐਸ ਆਈ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਡਾਕਟਰ ਅਮਰਜੀਤ ਕੌਰ ਜੀ ਅਤੇ ਐਸ ਐਮ ਓ ਡਾਕਟਰ ਜਸਦੀਪ ਸਿੰਘ ਦੇ ਹੁਕਮਾਂ ਮੁਤਾਬਿਕ ਅਤੇ ਤਰਸੇਮ ਸਿੰਘ ਬੀ ਬੀ ਈ,ਅਸੋ.ਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਪਿੰਡ ਧੂਰਾ, ਮਾਨਵਾਲਾ, ਬੇਨੜਾ, ਲੱਡਾਂ ਅਤੇ ਲੱਡਾਂ ਕੋਠੀ ਵਿਖੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲਿਓ ਮੁਹਿੰਮ ਵਿੱਚ ਪਿੰਡਾਂ ਵਿੱਚ ਬੂਥ ਲਗਾਕੇ ਪੋਲਿਓ ਰੋਧਿਕ ਬੂੰਦਾ ਪਿਆਈਆ ਗਈਆਂ ਜਹਿੜੇ ਬੱਚੇ ਕਿਸੇ ਕਾਰਨ ਬੂਥਾਂ ਤੇ ਅੱਜ ਪਹੁੰਚ ਨੀਂ ਸਕੇ ਉਹਨਾਂ ਬੱਚਿਆਂ ਨੂੰ ਕੱਲ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਘਰ- ਘਰ ਜਾ ਪੋਲਿਓ ਦੀਆਂ ਬੂੰਦਾਂ ਪਿਆਈਆ ਜਾਣ ਗਈਆਂ।

# 2027 ਦੀਆਂ ਪੰਜਾਬ ਚੋਣਾਂ ਤੋਂ ਪਹਿਲਾਂ ਪੰਥਕ ਸਿਆਸਤ ਵਿੱਚ ਹਲਚਲ; ਭਾਈ ਸੁਖਚੈਨ ਸਿੰਘ ਅਤਲਾ ਬਣ ਸਕਦੇ ਹਨ ਹਲਕਾ ਮਾਨਸਾ ਤੋਂ ਪੰਥਕ ਜਥੇਬੰਦੀਆਂ ਦੇ ਸਾਂਝੇ ਉਮੀਦਵਾਰ



**ਨਵੀਂ ਦਿੱਲੀ 29 ਜੂਨ (ਮਨਪ੍ਰੀਤ ਸਿੰਘ ਖਾਲਸਾ):**-ਪੰਜਾਬ ਦੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਲਗਾਤਾਰ ਤੇਜ਼ ਹੋ ਰਹੀਆਂ ਹਨ। ਇਸੇ ਦਰਮਿਆਨ ਪੰਥਕ ਹਲਕਿਆਂ ਵਿੱਚ ਇਹ ਚਰਚਾ ਜ਼ੋਰਾਂ 'ਤੇ ਹੈ ਕਿ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਅਤਲਾ ਨੂੰ ਵੱਖ-ਵੱਖ ਪੰਥਕ ਜਥੇਬੰਦੀਆਂ ਵੱਲੋਂ ਵਿਧਾਨ ਸਭਾ ਹਲਕਾ ਮਾਨਸਾ ਤੋਂ ਸਾਂਝੇ ਉਮੀਦਵਾਰ ਵਜੋਂ ਮੈਦਾਨ ਵਿੱਚ ਉਤਾਰਿਆ ਜਾ ਸਕਦਾ ਹੈ। ਹਾਲਾਂਕਿ ਇਸ ਸਬੰਧੀ ਅਜੇ ਤੱਕ ਕਿਸੇ ਵੀ ਜਥੇਬੰਦੀ ਵੱਲੋਂ ਕੋਈ ਅਧਿਕਾਰਤ ਐਲਾਨ ਨਹੀਂ ਕੀਤਾ ਗਿਆ। ਭਾਈ ਸੁਖਚੈਨ ਸਿੰਘ ਅਤਲਾ ਪਿਛਲੇ ਕਰੀਬ 20 ਸਾਲਾਂ ਤੋਂ ਹਰ ਪੰਥਕ ਸੰਘਰਸ਼ ਵਿੱਚ ਮੋਹਰੀ ਭੂਮਿਕਾ ਨਿਭਾਉਂਦੇ ਆ ਰਹੇ ਹਨ। ਬੇਅਦਬੀ ਦੇ ਮਾਮਲਿਆਂ, ਬੰਦੀ ਸਿੰਘਾਂ ਦੀ ਰਿਹਾਈ, ਸਿੱਖ ਹੱਕਾਂ ਨਾਲ ਜੁੜੇ ਅੰਦੋਲਨਾਂ ਅਤੇ ਹੋਰ ਪੰਥਕ ਮੁੱਦਿਆਂ ਦੌਰਾਨ ਉਹ ਸਰਗਰਮ ਰਹੇ ਹਨ। ਪੰਥਕ ਹਲਕਿਆਂ ਵਿੱਚ ਉਨ੍ਹਾਂ ਨੂੰ ਨਿਰਪੱਖ, ਸੰਘਰਸ਼ਸ਼ੀਲ ਅਤੇ ਸੇਵਾ ਭਾਵਨਾ ਵਾਲੇ ਚਿਹਰੇ ਵਜੋਂ ਦੇਖਿਆ ਜਾਂਦਾ ਹੈ। ਵੱਖ-ਵੱਖ ਪੰਥਕ ਜਥੇਬੰਦੀਆਂ ਵਿਚਕਾਰ ਪੰਥਕ ਏਕਤਾ ਨੂੰ ਲੈ ਕੇ ਵਿਚਾਰ-ਵਟਾਂਦਰਾ ਜਾਰੀ ਹੈ। ਜੇਕਰ ਸਹਿਮਤੀ ਬਣਦੀ ਹੈ ਤਾਂ ਭਾਈ ਸੁਖਚੈਨ ਸਿੰਘ ਅਤਲਾ 2027 ਦੀਆਂ ਚੋਣਾਂ ਵਿੱਚ ਵਿਧਾਨ ਸਭਾ ਹਲਕਾ ਮਾਨਸਾ ਤੋਂ ਪੰਥਕ ਧਿਰਾਂ ਦੇ ਸਾਂਝੇ ਚਿਹਰੇ ਵਜੋਂ ਉਭਰ ਸਕਦੇ ਹਨ। ਹਾਲਾਂਕਿ ਪੰਥਕ ਹਲਕਿਆਂ ਦਾ ਮੰਨਣਾ ਹੈ ਕਿ ਜੇਕਰ ਵੱਖ-ਵੱਖ ਜਥੇਬੰਦੀਆਂ ਇੱਕ ਮੰਚ 'ਤੇ ਇਕੱਠੀਆਂ ਹੋ ਕੇ ਸਾਂਝਾ ਉਮੀਦਵਾਰ ਐਲਾਨਦੀਆਂ ਹਨ ਤਾਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਰਵਾਇਤੀ ਸਿਆਸੀ ਸਮੀਕਰਨਾਂ 'ਤੇ ਇਸ ਦਾ ਪ੍ਰਭਾਵ ਪੈ ਸਕਦਾ ਹੈ। ਇਸੇ ਕਾਰਨ ਭਾਈ ਸੁਖਚੈਨ ਸਿੰਘ ਅਤਲਾ ਦੇ ਨਾਮ ਨੂੰ ਲੈ ਕੇ ਪੰਥਕ ਵਰਗਾਂ ਵਿੱਚ ਚਰਚਾ ਲਗਾਤਾਰ ਤੇਜ਼ ਹੋ ਰਹੀ ਹੈ। ਹਾਲਾਂਕਿ ਅੰਤਿਮ ਫ਼ੈਸਲਾ ਅਤੇ ਉਮੀਦਵਾਰ ਦੇ ਨਾਮ ਦਾ ਅਧਿਕਾਰਤ ਐਲਾਨ ਸਬੰਧਤ ਪੰਥਕ ਜਥੇਬੰਦੀਆਂ ਵੱਲੋਂ ਕੀਤੇ ਜਾਣ ਤੋਂ ਬਾਅਦ ਹੀ ਸਥਿਤੀ ਪੂਰੀ ਤਰ੍ਹਾਂ ਸਪੱਸ਼ਟ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਬੇਅਦਬੀ ਵਿਰੋਧੀ ਸੋਧ ਬਿੱਲ ’ਤੇ ਅੱਜ ਦੀ ਕਾਰਵਾਈ ਨੇ ਸਰਕਾਰ ਦੀ

# ਜਲਦਬਾਜ਼ੀ ਅਤੇ ਵਿਧਾਨਕ ਪ੍ਰਕਿਰਿਆ ਦੀਆਂ ਖਾਮੀਆਂ ਬੇਨਕਾਬ ਕੀਤੀਆਂ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 29 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰਾ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅੱਜ ਪੰਜਾਬ ਦੇ ਸਿੱਖ ਵਿਧਾਇਕਾਂ ਦੀ ਪੇਸ਼ੀ ਅਤੇ ਬੇਅਦਬੀ ਵਿਰੋਧੀ ਸੋਧ ਬਿੱਲ ਸਬੰਧੀ ਹੋਈ ਕਾਰਵਾਈ ’ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਅੱਜ ਦੀਆਂ ਘਟਨਾਵਾਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਪੰਜਾਬ ਸਰਕਾਰ ਨੇ ਇਸ ਸੰਵੇਦਨਸ਼ੀਲ ਬਿੱਲ ਨੂੰ ਬਿਨਾਂ ਯੋਗ ਵਿਚਾਰ-ਵਟਾਂਦਰੇ ਅਤੇ ਬਿਨਾਂ ਵਿਆਪਕ ਸਲਾਹ-ਮਸ਼ਵਰੇ ਦੇ ਜਲਦਬਾਜ਼ੀ ਵਿੱਚ ਪਾਸ ਕਰਵਾਇਆ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਸਿੱਖ ਵਿਧਾਇਕਾਂ ਵੱਲੋਂ ਖੁਦ ਇਹ ਸਵੀਕਾਰ ਕਰਨਾ ਕਿ ਉਨ੍ਹਾਂ ਨੂੰ ਬਿੱਲ ਪੜ੍ਹਨ, ਸਮਝਣ ਜਾਂ ਉਸ ’ਤੇ ਵਿਚਾਰ ਕਰਨ ਦਾ ਮੌਕਾ ਹੀ ਨਹੀਂ ਦਿੱਤਾ ਗਿਆ ਅਤੇ ਉਹ ਸਿਰਫ਼ ਪ੍ਰਵਾਨਗੀ ਦੇਣ ਤੱਕ ਹੀ ਸੀਮਤ ਰਹੇ, ਪੰਜਾਬ ਦੀ ਵਿਧਾਨਕ ਪ੍ਰਕਿਰਿਆ ’ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਇਹ ਕੇਵਲ ਵਿਧਾਇਕਾਂ ਦੀ ਭੂਮਿਕਾ ਨੂੰ ਹੀ ਸੀਮਤ ਨਹੀਂ ਕਰਦਾ, ਸਗੋਂ ਲੋਕਤੰਤਰੀ ਪਰੰਪਰਾਵਾਂ ਨੂੰ ਵੀ ਕਮਜ਼ੋਰ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ ਸ਼ੁਰੂ ਤੋਂ ਹੀ ਇਹ ਮੰਗ ਕਰਦੀ ਆ ਰਹੀ ਹੈ ਕਿ ਬੇਅਦਬੀ ਵਰਗਾ ਮਾਮਲਾ ਸਿਰਫ਼ ਕਾਨੂੰਨੀ ਨਹੀਂ, ਸਗੋਂ ਸਿੱਖ ਧਾਰਮਿਕ ਆਸਥਾ, ਮਰਿਆਦਾ ਅਤੇ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ। ਇਸ ਲਈ ਅਜਿਹੇ ਕਿਸੇ ਵੀ ਬਿੱਲ ਨੂੰ ਪਾਸ ਕਰਨ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਸਿੱਖ ਸੰਸਥਾਵਾਂ ਨਾਲ ਅਰਥਪੂਰਨ ਸਲਾਹ-ਮਸ਼ਵਰਾ ਕਰਕੇ ਆਮ ਸਹਿਮਤੀ ਬਣਾਉਣੀ ਲਾਜ਼ਮੀ ਸੀ। ਪਰ ਮੁੱਖ ਮੰਤਰੀ ਭਗਵੰਤ ਮਾਨ ਨੇ ਇਕਪਾਸੜ ਅਤੇ ਮਨਮਰਜ਼ੀ ਵਾਲਾ ਰਵੱਈਆ ਅਪਣਾਉਂਦਿਆਂ ਸਿੱਖ ਸੰਸਥਾਵਾਂ ਨੂੰ ਭਰੋਸੇ ਵਿੱਚ ਲਏ ਬਿਨਾਂ ਕਾਨੂੰਨ ਪਾਸ ਕਰਵਾ ਦਿੱਤਾ।

ਉਨ੍ਹਾਂ ਕਿਹਾ ਕਿ ਬਿੱਲ ਵਿੱਚ ਮੌਜੂਦ ਕਈ ਖਾਮੀਆਂ ਨੂੰ ਦੂਰ ਕੀਤੇ ਜਾਣ ਦੀ ਲੋੜ ਹੈ। ਅਫ਼ਸੋਸ ਦੀ ਗੱਲ ਹੈ ਕਿ ਬੇਅਦਬੀ ਜਿਹੇ ਗੰਭੀਰ ਅਤੇ ਸੰਵੇਦਨਸ਼ੀਲ ਵਿਸ਼ੇ ਨੂੰ ਵੀ ਰਾਜਨੀਤਿਕ ਲਾਭ ਅਤੇ ਵੋਟ ਬੈਂਕ ਦੀ ਸਿਆਸਤ ਦਾ ਸਾਧਨ ਬਣਾਉਣ ਦੀ ਕੋਸ਼ਿਸ਼ ਕੀਤੀ ਗਈ। ਭਾਜਪਾ ਦਾ ਸਪੱਸ਼ਟ ਮੰਨਣਾ ਹੈ ਕਿ ਧਾਰਮਿਕ ਮਾਮਲਿਆਂ ਵਿੱਚ ਸੰਵਾਦ, ਸਹਿਮਤੀ ਅਤੇ ਸੰਵਿਧਾਨਕ ਪ੍ਰਕਿਰਿਆ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਹੈ, ਨਾ ਕਿ ਕਿਸੇ ਵਿਅਕਤੀ ਦੀ ਹਉਮੈ ਜਾਂ ਰਾਜਨੀਤਿਕ ਹੰਕਾਰ ਨੂੰ।

ਪ੍ਰੋ. ਖਿਆਲਾ ਨੇ ਕਿਹਾ ਕਿ ਸਿੱਖ ਸੰਸਥਾਵਾਂ ਨੂੰ ਨਜ਼ਰਅੰਦਾਜ਼ ਕਰਨ ਦੀ ਇਹ ਪ੍ਰਵਿਰਤੀ ਆਮ ਆਦਮੀ ਪਾਰਟੀ ਅਤੇ ਅਰਵਿੰਦ ਕੇਜਰੀਵਾਲ ਦੀ ਸੋਚ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਇਸੇ ਸੋਚ ਕਾਰਨ ਪਾਰਟੀ ਦੀ ਵਿਧਾਇਕ ਬੀਬੀ ਜੀਵਨ ਜੋਤ ਕੌਰ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਬਾਰੇ ਇਤਰਾਜ਼ਯੋਗ ਟਿੱਪਣੀ ਕੀਤੀ ਗਈ ਸੀ, ਜਿਸ ਨਾਲ ਸਿੱਖ ਭਾਵਨਾਵਾਂ ਨੂੰ ਗਹਿਰੀ ਠੇਸ ਪੁੱਜੀ।

ਉਨ੍ਹਾਂ ਕਿਹਾ ਕਿ ਭਾਜਪਾ ਸਾਰੇ ਧਾਰਮਿਕ ਅਸਥਾਨਾਂ ਅਤੇ ਸੰਪਰਦਾਵਾਂ ਦਾ ਪੂਰਾ ਸਤਿਕਾਰ ਕਰਦੀ ਹੈ, ਪਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ੍ਰੀ ਦਰਬਾਰ ਸਾਹਿਬ ਦੀ ਵਿਲੱਖਣ ਅਤੇ ਸਰਵਉੱਚ ਧਾਰਮਿਕ ਮਹੱਤਤਾ ਨੂੰ ਕਿਸੇ ਵੀ ਹੋਰ ਸੰਸਥਾ ਜਾਂ ਡੇਰੇ ਦੇ ਬਰਾਬਰ ਰੱਖਣ ਦੀ ਕੋਸ਼ਿਸ਼ ਸਵੀਕਾਰਯੋਗ ਨਹੀਂ ਹੋ ਸਕਦੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਇੱਕ ਕਮਿਸ਼ਨ ਦੇ ਚੇਅਰਮੈਨ ਵੱਲੋਂ ਹਾਲ ਹੀ ਵਿੱਚ ਦਿੱਤੇ ਬਿਆਨ ਇਸੇ ਮਾਨਸਿਕਤਾ ਦਾ ਪ੍ਰਗਟਾਵਾ ਕਰਦੇ ਹਨ। ਉਨ੍ਹਾਂ ਕਿਹਾ ਕਿ ਇਹ ਉਹੀ ਸੋਚ ਹੈ ਜਿਸ ਤਹਿਤ 2014 ਦੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੇ ਆਪਣੇ ਚੋਣ ਪ੍ਰਚਾਰ ਵਿੱਚ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਨਾਲ ਝਾੜੂ ਦਾ ਚੋਣ ਨਿਸ਼ਾਨ ਜੋੜ ਕੇ ਸਿੱਖ ਪੰਥ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਸੀ।

ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅੱਜ ਦੀ ਕਾਰਵਾਈ ਸਬੰਧੀ ਪ੍ਰੋ. ਖਿਆਲਾ ਨੇ ਕਿਹਾ ਕਿ ਧਾਰਮਿਕ ਸੰਸਥਾਵਾਂ ਅਤੇ ਸੰਵਿਧਾਨਕ ਸੰਸਥਾਵਾਂ ਦੀਆਂ ਆਪਣੀਆਂ-ਆਪਣੀਆਂ ਮਰਿਆਦਾਵਾਂ ਅਤੇ ਜ਼ਿੰਮੇਵਾਰੀਆਂ ਹਨ। ਦੋਵਾਂ ਦੀ ਗਰਿਮਾ ਅਤੇ ਸੰਵਿਧਾਨਕ-ਧਾਰਮਿਕ ਸੰਤੁਲਨ ਨੂੰ ਹਰ ਹਾਲ ਵਿੱਚ ਕਾਇਮ ਰੱਖਿਆ ਜਾਣਾ ਚਾਹੀਦਾ ਹੈ ਹਜ਼ੂਰ ਸਾਹਿਬ ਬੋਰਡ ਨਾਲ ਸਬੰਧਤ ਪ੍ਰਸਤਾਵਿਤ ਐਕਟ ਬਾਰੇ ਉਨ੍ਹਾਂ ਕਿਹਾ ਕਿ ਸਿੱਖ ਭਾਵਨਾਵਾਂ ਅਤੇ ਸੰਗਤ ਦੀਆਂ ਉਮੀਦਾਂ ਅਨੁਸਾਰ ਸੁਧਾਰ ਲਿਆਉਣਾ ਕਿਸੇ ਵੀ ਤਰ੍ਹਾਂ ਸਰਕਾਰੀ ਦਖ਼ਲਅੰਦਾਜ਼ੀ ਨਹੀਂ, ਸਗੋਂ ਪ੍ਰਬੰਧਕੀ ਸੁਧਾਰਾਂ ਵੱਲ ਇੱਕ ਸਕਾਰਾਤਮਕ ਕਦਮ ਹੈ। ਉਨ੍ਹਾਂ ਕਿਹਾ ਕਿ ਵਿਰੋਧ ਉਹੀ ਲੋਕ ਕਰ ਰਹੇ ਹਨ ਜੋ ਮੌਜੂਦਾ ਪ੍ਰਬੰਧ ਨੂੰ ਆਪਣੇ ਨਿੱਜੀ ਹਿੱਤਾਂ ਲਈ ਜਿਉਂ ਦਾ ਤਿਉਂ ਬਣਾਈ ਰੱਖਣਾ ਚਾਹੁੰਦੇ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਮਹਾਰਾਸ਼ਟਰ ਦੀ ਭਾਜਪਾ ਸਰਕਾਰ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜਦੋਂ ਤੱਕ ਸਾਰੀਆਂ ਸੰਬੰਧਿਤ ਧਿਰਾਂ ਵਿਚਕਾਰ ਵਿਆਪਕ ਸਹਿਮਤੀ ਨਹੀਂ ਬਣਦੀ, ਉਦੋਂ ਤੱਕ ਹਜ਼ੂਰ ਸਾਹਿਬ ਬੋਰਡ ਨਾਲ ਸਬੰਧਤ ਕੋਈ ਵੀ ਬਿੱਲ ਵਿਧਾਨ ਸਭਾ ਵਿੱਚ ਪਾਸ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹੀ ਲੋਕਤੰਤਰੀ ਅਤੇ ਜ਼ਿੰਮੇਵਾਰ ਸ਼ਾਸਨ ਦਾ ਸਹੀ ਮਾਡਲ ਹੈ, ਜਿਸ ਤੋਂ ਪੰਜਾਬ ਸਰਕਾਰ ਨੂੰ ਸਿੱਖਣਾ ਚਾਹੀਦਾ ਹੈ।

# ਇਕ ਵਾਰ ਫਿਰ ਵਿਲਖਣ ਛਾਪ ਛੱਡ ਗਈ ਸੀਨੀਅਰ ਸਿਟੀਜਨ ਫੌਰਮ ਦੀ ਮੀਟਿੰਗ








ਫ਼ਿਰੋਜ਼ਪੁਰ, 29 ਜੂਨ (ਮਨੋਹਰ ਲਾਲ) :— ਫ਼ਿਰੋਜ਼ਪੁਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੀ ਮਹੀਨਾਵਾਰ ਮੀਟਿੰਗ ਪਰਦੀਪ ਧਵਨ ਪ੍ਰਧਾਨ ਦੀ ਅਗਵਾਈ ਹੇਠ ਬਾਗਬਾਨ ਕੰਪਲੈਕਸ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਹੋਈ। ਇਸ ਮੀਟਿੰਗ ਵਿੱਚ ਸੱਭ ਤੋਂ ਸੀਨੀਅਰ ਮੈਂਬਰ ਸ਼੍ਰੀ ਕਿਸ਼ਨ ਕੁਮਾਰ ਜੇਦਿਕਾ ਅਤੇ ਉਨ੍ਹਾਂ ਦੀ ਧਰਮਪਤਨੀ ਵਿਸ਼ੇਸ ਤੌਰ ਤੇ ਸ਼ਾਮਿਲ ਹੋਏ, ਜਿਨ੍ਹਾਂ ਦਾ ਸਮੂਹ ਹਾਜਰ ਮੈਂਬਰਾਂ ਨੇ ਤਾੜੀਆਂ ਨਾਲ਼ ਸੁਆਗਤ ਕੀਤਾ। ਮੀਟਿੰਗ ਦੇ ਆਰੰਭ ਵਿਚ ਫ਼ੋਰਮ ਦੇ ਮੈਬਰ ਪਰਦੀਪ ਬਿੰਦਰਾ ਦੀ ਮਾਤਾ ਦੀ ਮੌਤ ਤੇ ਅਫਸੋਸ ਜ਼ਾਹਰ ਕੀਤਾ ਗਿਆ ਅਤੇ ਖੜੇ ਹੋ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ।

ਇਸ ਸਮੇਂ ਸਟੇਜ ਸੈਕਟਰੀ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਨੇ ਦੱਸਿਆ ਕਿ ਸ: ਭੁਪਿੰਦਰ ਸਿੰਘ ਜਿਲ੍ਹਾ ਪੁਲਿਸ ਮੁਖੀ ਫ਼ਿਰੋਜ਼ਪੁਰ ਦੀ ਅਗਵਾਈ ਵਿੱਚ ਗੁਰੂਦਵਾਰਾ ਸਾਹਿਬ ਸਾਰਾਗੜ੍ਹੀ ਤੋਂ ਅੰਗਦਾਨ ਅਤੇ ਕੈਂਸਰ ਬਾਰੇ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਗਈ, ਜਿਸ ਵਿੱਚ ਡਾਕਟਰ ਬਲਦੇਵ ਸਿੰਘ ਔਲਖ ਵੱਲੋਂ ਅੰਗਦਾਨ ਦੀ ਮਹੱਤਤਾ ਅਤੇ ਕੈਂਸਰ ਤੋਂ ਬਚਾਅ ਲਈ ਸਮੇਂ ਸਿਰ ਇਲਾਜ ਤੇ ਜ਼ੋਰ ਦਿੱਤਾ ਗਿਆ। ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਮੈਂਬਰਾਂ ਨੇ ਅੰਗਦਾਨ ਕਰਨ ਅਤੇ ਅਪਣੇ ਪਰਿਵਾਰ ਵਾਲਿਆਂ ਅਤੇ ਦੋਸਤਾਂ ਨੂੰ ਅੰਗਦਾਨ ਕਰਨ ਲਈ ਪ੍ਰੇਰਨ ਦੀ ਸਹੁੰ ਖਾਧੀ। ਮੀਟਿੰਗ ਵਿੱਚ ਫ਼ਿਰੋਜ਼ਪੁਰ ਸ਼ਹਿਰ, ਛਾਉਣੀ ਵਿਖੇ ਸੀਨੀਅਰ ਸਿਟੀਜਨ ਨੂੰ ਆਉਂਦੀਆਂ ਸਮੱਸਿਆਵਾਂ ਦੇ ਸਮਾਧਾਨ ਲਈ, ਰੇਲਵੇ ਸਟੇਸ਼ਨ ਫ਼ਿਰੋਜ਼ਪੁਰ ਛਾਉਣੀ ਵਿਖੇ ਬਜੁਰਗ ਅਤੇ ਅਪਾਹਜ ਯਾਤਰੀਆਂ ਦੀ ਸਹੂਲਤ ਲਈ ਲਿਫਟ, ਰੈਂਪ ਅਤੇ ਸਵੈ ਚਾਲਕ ਪੌੜੀਆਂ ਲਾਉਣ ਲਈ ਰੇਲਵੇ ਵਿਭਾਗ ਦੇ ਅਧਿਕਾਰੀਆਂ ਅਤੇ ਸਿਵਲ ਵਿਭਾਗਾਂ ਦੇ ਉੱਚ ਅਧਿਕਾਰੀਆਂ ਨੂੰ ਮਿਲ਼ ਕੇ ਮੰਗ ਪੱਤਰ ਦੇਣ ਦਾ ਫੈਸਲਾ ਕੀਤਾ ਗਿਆ। ਉਨ੍ਹਾਂ ਇਹ ਵੀ ਦਸਿਆ ਕਿ ਵਾਤਾਵਰਨ ਬਚਾਉਣ ਲਈ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਇਸ ਸਾਲ ਘੱਟੋ-ਘੱਟ ਦੋ ਸੌ ਪੌਦੇ ਲਗਾਏ ਜਾਣਗੇ। ਇਸ ਦੇ ਇਲਾਵਾ ਫੋਰਮ ਦੇ ਸੀਨੀਅਰ ਆਗੂ ਸ਼੍ਰੀ ਪਰਵੀਨ ਵੱਲੋਂ ਵੀ ਦੋ ਸੋ ਪੌਦੇ ਲਗਾਏ ਜਾਣ ਦਾ ਭਰੋਸਾ ਦਿੱਤਾ। ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਦੀ ਰੱਖਿਆ ਕਰਨ ਵਾਲੇ ਸੀਮਾ ਸੁਰੱਖਿਆ ਬਲ ਦੇ ਜਵਾਨਾਂ ਦਾ ਮਨੋਬਲ ਵਧਾਉਣ ਲਈ ਫੋਰਮ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਜਾਏਗਾ। ਇਸ ਸਮੇਂ ਸੀਨੀਅਰ ਸਿਟੀਜਨ ਦਾ ਮਨੋਰੰਜਨ ਕਰਨ ਲਈ ਸ਼ਿਵ ਦਰਸ਼ਨ ਕੁਮਾਰ, ਪਰੇਮ ਨਾਥ ਰੱਸੀਆ, ਪਰਵੇਸ਼ ਕੁਮਾਰ, ਡੀ.ਆਰ ਗੋਇਲ, ਸੁਭਾਸ਼ ਦੋਦਾ, ਕਿਸ਼ਨ ਕੁਮਾਰ ਜੇਦੀਕਾ, ਰਾਕੇਸ਼ ਕੁਮਾਰ ਸ਼ਰਮਾ ਵੱਲੋਂ ਅਪਣੇ ਵਿਚਾਰ ਪ੍ਰਗਟ ਕੀਤੇ ਅਤੇ ਗੀਤ ਸੰਗੀਤ ਦਾ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤਾ। ਇਸ ਮੌਕੇ ਮਹੀਨਾ ਜੂਨ ਦੇ ਜਨਮ ਦਿਵਸ ਵਾਲੇ ਮੈਂਬਰਾਂ ਨੂੰ ਗਿਫਟਾਂ ਨਾਲ ਸਨਮਾਨਿਤ ਕੀਤਾ ਗਿਆ। ਅੰਤ ਵਿੱਚ ਪਰਦੀਪ ਧਵਨ ਪ੍ਰਧਾਨ ਵੱਲੋਂ ਆਏ ਮੈਬਰ ਸਾਹਿਬਾਨ ਦੇ ਵਿਚਾਰਾਂ ਦੇ ਜਵਾਬ ਦਿੱਤੇ ਅਤੇ ਸਭ ਦਾ ਧੰਨਵਾਦ ਕਰਦਿਆਂ ਚੰਗੀ ਸਿਹਤ ਦੀ ਕਾਮਨਾ ਕੀਤੀ। ਮੀਟਿੰਗ ਵਿੱਚ ਗਰਮੀਆਂ ਦਾ ਤੋਹਫ਼ਾ ਸਤੁਆਂ ਦੇ ਸ਼ਰਬਤ ਨਾਲ ਸਭ ਦੀ ਸੇਵਾ ਕੀਤੀ ਗਈ। ਮੀਟਿੰਗ ਦਾ ਪ੍ਰਬੰਧ ਸੁਚੱਜੇ ਢੰਗ ਨਾਲ਼ ਕਰਨ ਲਈ ਦੇਸ਼ ਬੰਧੂ ਤੁਲੀ ਪੈਟਰਨ, ਸ਼ਾਮ ਲਾਲ ਗੱਖੜ, ਸਤੀਸ਼ ਪੂਰੀ ਸੀਨੀਅਰ ਮੀਤ ਪ੍ਰਧਾਨ, ਗਤੀਂਦਰ ਕੁਮਾਰ ਕਮਲ ਕੈਸ਼ੀਅਰ, ਅਸ਼ੋਕ ਕੁਮਾਰ ਗਰਗ ਜੁਆਇੰਟ ਕੈਸ਼ੀਅਰ ਦਾ ਵਿਸ਼ੇਸ਼ ਤੌਰ ਤੇ ਧਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਬਾਬਾ ਸਿੱਧ ਸਿਲਵਰਾ ਪਿੰਡ ਸਾਰੰਗੜਾ ਵਿਖੇ ਹੁਕਮਨਾਮਾ ਲਿਖਣ ਦੀ ਸੇਵਾ ਨਿਭਾਉਣ ਵਾਲੇ ਪ੍ਰੇਮੀ ਭਾਈ ਬਲਦੇਵ ਸਿੰਘ ਕੰਬੋ ਦਾ ਕੀਤਾ ਸਨਮਾਨ



**ਜੰਡਿਆਲਾ ਗੁਰੂ, 29 ਜੂਨ ( ਕੁਲਵੰਤ ਸਿੰਘ ਵਿਰਦੀ )**-ਪਿਛਲੇ ਪੰਜ ਸਾਲ ਤੋਂ ਗੁਰਦੁਆਰਾ ਬਾਬਾ ਸਿੱਧ ਸਿਲਵਰਾ ਪਿੰਡ ਸਾਰੰਗੜਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਮੁਖਵਾਕ ਨੂੰ ਬੋਰਡ ਤੇ ਹੱਥ ਨਾਲ ਲਿਖਣ ਦੀ ਸੇਵਾ ਨਿਭਾਉਣ ਵਾਲੇ ਬਲਦੇਵ ਸਿੰਘ ਕੰਬੋ ਦਾ ਸ੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਵਡਾਲੀ ਡੋਗਰਾਂ ਵੱਲੋ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਆਪਣੇ ਸੰਬੋਧਨ ਵਿੱਚ ਸੇਵਾ ਸੁਸਾਇਟੀ ਦੇ ਸੰਚਾਲਕ ਭਾਈ ਸਾਹਿਬ ਸਿੰਘ ਸੰਧੂ ਨੇ ਕਿਹਾ ਕਿ ਪੰਥਕ, ਸਮਾਜਿਕ ਅਤੇ ਧਾਰਮਿਕ ਖੇਤਰ ਵਿੱਚ ਜੋ ਲੋਕ ਨਿਸ਼ਕਾਮ ਸੇਵਾ ਨਿਭਾਉਂਦੇ ਹਨ ਸੇਵਾ ਸੁਸਾਇਟੀ ਵੱਲੋਂ ਉਹਨਾਂ ਨੂੰ ਬਣਦਾ ਮਾਣ ਸਤਿਕਾਰ ਦੇਣ ਦਾ ਉਪਰਾਲਾ ਕੀਤਾ ਜਾਂਦਾ ਹੈ। ਉਹਨਾਂ ਕਿਹਾ ਕਿ ਸੋਸਾਇਟੀ ਵੱਲੋਂ ਵੱਖ-ਵੱਖ ਪ੍ਰੋਗਰਾਮਾਂ ਤਹਿਤ ਗ੍ਰੰਥੀ ਸਿੰਘਾਂ ਨੂੰ ਬਾਬਾ ਬੁੱਢਾ ਜੀ ਅਵਾਰਡ ਨਾਲ ਸਨਮਾਨਿਤ ਕੀਤਾ ਜਾਂਦਾ ਹੈ। ਉਹਨਾਂ ਗੁਰਦੁਆਰਾ ਕਮੇਟੀਆਂ ਅਤੇ ਧਾਰਮਿਕ ਜਥੇਬੰਦੀਆਂ ਨੂੰ ਗ੍ਰੰਥੀ ਸਿੰਘਾਂ ਅਤੇ ਨਿਸ਼ਕਾਮ ਸੇਵਕਾਂ ਨੂੰ ਸੰਭਾਲਣ ਦਾ ਸੁਨੇਹਾ ਵੀ ਦਿੱਤਾ। ਇਸ ਮੌਕੇ ਪਿੰਡ ਦੇ ਸਰਪੰਚ ਅਵਤਾਰ ਸਿੰਘ ਲਾਲੀ ਨੇ ਆਏ ਹੋਏ ਸੇਵਾ ਸੋਸਾਇਟੀ ਦੇ ਸਿੰਘਾਂ ਦਾ ਧੰਨਵਾਦ ਕੀਤਾ । ਇਸ ਮੌਕੇ ਗੁਰਦੁਆਰਾ ਬਾਬਾ ਸਿੱਧ ਸਿਲਵਰਾ ਦੇ ਮੁੱਖ ਸੇਵਾਦਾਰ ਬਾਬਾ ਵਿਰਸਾ ਸਿੰਘ, ਗੁਰਦੁਆਰਾ ਕਮੇਟੀ ਪ੍ਰਧਾਨ ਗੁਰਭਗਤ ਸਿੰਘ, ਪ੍ਰਧਾਨ ਸ਼ਿਵਰਾਜ ਸਿੰਘ ਕਾਲਾ, ਸੋਹਣ ਸਿੰਘ ਈਚੋਗਿੱਲੀਆ, ਬਾਬਾ ਦਲੀਪ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲ ਤਖ਼ਤ ਸਾਹਿਬ ਅੱਗੇ ਆਪ ਵਿਧਾਇਕਾਂ ਦੀ ਪੇਸ਼ੀ ਨੇ ਭਗਵੰਤ ਮਾਨ-ਕੇਜਰੀਵਾਲ ਦੇ ਬੇਅਦਬੀ ਕਾਨੂੰਨ ਦੀ ਖੋਲ੍ਹੀ ਪੋਲ: ਸਰਨਾ



ਨਵੀਂ ਦਿੱਲੀ, 29 ਜੂਨ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਆਮ ਆਦਮੀ ਪਾਰਟੀ ਦੇ ਸਿੱਖ ਵਿਧਾਇਕਾਂ ਅਤੇ ਮੰਤਰੀਆਂ ਦੀ ਪੇਸ਼ੀ ਨੇ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੇ ਬੇਅਦਬੀ ਵਿਰੋਧੀ ਕਾਨੂੰਨ ਬਾਰੇ ਨਾ ਤਾਂ ਉਨ੍ਹਾਂ ਨਾਲ ਕੋਈ ਸਲਾਹ-ਮਸ਼ਵਰਾ ਕੀਤਾ ਗਿਆ ਅਤੇ ਨਾ ਹੀ ਪੰਥਕ ਸੰਸਥਾਵਾਂ ਦੀ ਰਾਏ ਲਈ ਗਈ। ਉਨ੍ਹਾਂ ਦੋਸ਼ ਲਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਇਹ ਕਾਨੂੰਨ ਸਿੱਖ ਪੰਥ ਉੱਤੇ ਇਕਪੱਖੀ ਢੰਗ ਨਾਲ ਥੋਪਿਆ ਹੈ। ਸਰਨਾ ਨੇ ਕਿਹਾ ਕਿ ਸਿੱਖ ਧਰਮ ਨਾਲ ਜੁੜੇ ਕਿਸੇ ਵੀ ਮਾਮਲੇ ’ਤੇ ਕਾਨੂੰਨ ਬਣਾਉਣ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ, ਐਸਜੀਪੀਸੀ, ਸਿੱਖ ਵਿਦਵਾਨਾਂ ਅਤੇ ਨੁਮਾਇੰਦਾ ਪੰਥਕ ਸੰਸਥਾਵਾਂ ਨਾਲ ਵਿਆਪਕ ਵਿਚਾਰ-ਵਟਾਂਦਰਾ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖੀ ਇੱਕ ਸੁਤੰਤਰ ਧਰਮ ਹੈ, ਜਿਸ ਦੀ ਆਪਣੀ ਮਰਿਆਦਾ, ਪਰੰਪਰਾਵਾਂ ਅਤੇ ਸੰਸਥਾਵਾਂ ਹਨ, ਇਸ ਲਈ ਕਿਸੇ ਵੀ ਸਰਕਾਰ ਨੂੰ ਸਿੱਖ ਸਿਧਾਂਤਾਂ ਦੀ ਵਿਆਖਿਆ ਕਾਨੂੰਨ ਰਾਹੀਂ ਕਰਨ ਦਾ ਅਧਿਕਾਰ ਨਹੀਂ। ਉਨ੍ਹਾਂ ਕਿਹਾ ਕਿ ਆਪ ਦੇ ਵਿਧਾਇਕਾਂ ਦੀ ਪੇਸ਼ੀ ਨੇ ਇਹ ਵੀ ਸਪੱਸ਼ਟ ਕਰ ਦਿੱਤਾ ਹੈ ਕਿ ਸਰਕਾਰ ਆਪਣੇ ਹੀ ਸਿੱਖ ਨੁਮਾਇੰਦਿਆਂ ਦਾ ਭਰੋਸਾ ਹਾਸਲ ਕਰਨ ਵਿੱਚ ਅਸਫਲ ਰਹੀ ਹੈ। ਸਰਨਾ ਨੇ ਪੰਜਾਬ ਸਰਕਾਰ ਤੋਂ ਬੇਅਦਬੀ ਕਾਨੂੰਨ ਤੁਰੰਤ ਵਾਪਸ ਲੈਣ, ਸਿੱਖ ਧਾਰਮਿਕ ਅਥਾਰਿਟੀਆਂ ਨਾਲ ਗੰਭੀਰ ਸੰਵਾਦ ਸ਼ੁਰੂ ਕਰਨ ਅਤੇ ਭਵਿੱਖ ਵਿੱਚ ਧਾਰਮਿਕ ਮਾਮਲਿਆਂ ਵਿੱਚ ਸਿਆਸੀ ਦਖ਼ਲਅੰਦਾਜ਼ੀ ਤੋਂ ਗੁਰੇਜ਼ ਕਰਨ ਦੀ ਮੰਗ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਉੱਤਰਾਖੰਡ ਤੇ ਪੰਜਾਬ ਦਾ ਭਾਈਚਾਰਾ ਖਰਾਬ ਕਰਨ ਵਾਲੀਆਂ ਸਾਜਿਸ਼ਾਂ ਸਿੱਖ ਪੰਥ ਕਦੇ ਬਰਦਾਸ਼ਤ ਨਹੀਂ ਕਰੇਗਾ—ਜਥੇਦਾਰ ਸੁਖਦੇਵ ਸਿੰਘ ਖਾਲਸਾ



**ਫ਼ਿਰੋਜ਼ਪੁਰ, 29 ਜੂਨ (ਮਨੋਹਰ ਲਾਲ)** :— ਉੱਤਰਾਖੰਡ ਪ੍ਰਦੇਸ਼ ਦੇ ਸ਼ਾਂਤੀਪੂਰਨ ਮਾਹੌਲ ਨੂੰ ਲਾਂਬੂ ਲਾਉਣ ਅਤੇ ਦੋਵਾਂ ਸੂਬਿਆਂ ਦੀ ਆਪਸੀ ਸਾਂਝ ਨੂੰ ਵਿਗਾੜਨ ਦੀਆਂ ਕੋਸ਼ਿਸ਼ਾਂ ਤੇ ਦਮਦਮੀ ਟਕਸਾਲ ਵੱਲੋਂ ਸਖ਼ਤ ਪ੍ਰਤੀਕਰਮ ਸਾਹਮਣੇ ਆਇਆ ਹੈ। ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਉੱਤਰਾਖੰਡ ਦੇ ਕੁਝ ਸਿਆਸੀ ਲੀਡਰਾਂ ਅਤੇ ਸ਼ਰਾਰਤੀ ਅਨਸਰਾਂ ਵੱਲੋਂ ਉਥੇ ਦੇ ਅਮਨ ਕਾਨੂੰਨ ਅਤੇ ਸ਼ਾਂਤੀ ਨੂੰ ਭੰਗ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਨੂੰ ਸਿੱਖ ਪੰਥ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕਰੇਗਾ। ਜਥੇਦਾਰ ਖਾਲਸਾ ਨੇ ਸੋਸ਼ਲ ਮੀਡੀਆ ਤੇ ਵਾਇਰਲ ਹੋ ਰਹੀਆਂ ਵੀਡੀਓਜ਼ ਦਾ ਜ਼ਿਕਰ ਕਰਦਿਆਂ ਡੂੰਘੇ ਦੁੱਖ ਅਤੇ ਚਿੰਤਾ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਉੱਤਰਾਖੰਡ ਦੇ ਕੁਝ ਲੋਕ ਜਾਣਬੁੱਝ ਕੇ ਬਲਦੀ ਅੱਗ ਵਿੱਚ ਘਿਓ ਪਾਉਣ ਦਾ ਕੰਮ ਕਰ ਰਹੇ ਹਨ। ਭਾਵੇਂ ਕਿ ਉਥੋਂ ਦੀ ਪੁਲਿਸ ਨੇ ਪੀੜਤਾਂ ਨਾਲ ਕੁੱਟਮਾਰ ਕਰਨ ਵਾਲੇ ਦੋਸ਼ੀਆਂ ਖਿਲਾਫ ਪਰਚਾ ਦਰਜ ਕਰ ਲਿਆ ਹੈ, ਪਰ ਇਸ ਦੇ ਬਾਵਜੂਦ ਕੁਝ ਗੁੰਮਰਾਹਕੁੰਨ ਲੋਕ ਸੋਸ਼ਲ ਮੀਡੀਆ ਤੇ ਗਲਤ ਅਤੇ ਨਫ਼ਰਤ ਭਰੀਆਂ ਵੀਡੀਓਜ਼ ਪਾ ਕੇ ਮਾਹੌਲ ਨੂੰ ਹੋਰ ਖਰਾਬ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਵੀਡੀਓਜ਼ ਰਾਹੀਂ ਜਾਣਬੁੱਝ ਕੇ 1984 ਦੇ ਦੁਖਾਂਤਕ ਘਟਨਾਕ੍ਰਮ ਅਤੇ ਹੋਰ ਸੰਵੇਦਨਸ਼ੀਲ ਮੁੱਦਿਆਂ ਦਾ ਹਵਾਲਾ ਦਿੱਤਾ ਜਾ ਰਿਹੈ ਤਾਂ ਜੋ ਪੰਜਾਬ ਅਤੇ ਉੱਤਰਾਖੰਡ ਦੇ ਲੋਕਾਂ ਵਿਚਕਾਰ ਸਦੀਆਂ ਪੁਰਾਣਾ ਆਪਸੀ ਭਾਈਚਾਰਾ ਖਤਮ ਕੀਤਾ ਜਾ ਸਕੇ। ਜਥੇਦਾਰ ਸੁਖਦੇਵ ਸਿੰਘ ਖਾਲਸਾ ਨੇ ਸਪੱਸ਼ਟ ਸ਼ਬਦਾਂ ਵਿੱਚ ਆਖਿਆ ਕਿ ਉੱਤਰਾਖੰਡ ਪ੍ਰਦੇਸ਼ ਨਾਲ ਸਾਡਾ ਨਹੁੰ ਮਾਸ ਦਾ ਅਤੇ ਭਰਾਵਾਂ ਵਾਲਾ ਰਿਸ਼ਤਾ ਹੈ, ਜਿਸ ਨੂੰ ਅਸੀਂ ਕਿਸੇ ਵੀ ਹਾਲਤ ਵਿੱਚ ਖਰਾਬ ਨਹੀਂ ਹੋਣ ਦੇਵਾਂਗੇ। ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਨੇ ਉੱਤਰਾਖੰਡ ਦੀ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਜ਼ੋਰਦਾਰ ਅਪੀਲ ਕੀਤੀ ਕਿ ਅਜਿਹੀਆਂ ਭੜਕਾਊ ਵੀਡੀਓਜ਼ ਬਣਾਉਣ, ਸੋਸ਼ਲ ਮੀਡੀਆ ਤੇ ਅਪਲੋਡ ਕਰਨ ਅਤੇ ਨਫ਼ਰਤ ਫੈਲਾਉਣ ਵਾਲੇ ਸ਼ਰਾਰਤੀ ਅਨਸਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ ਤਾਂ ਜ਼ੋ ਦੋਵਾਂ ਸੂਬਿਆਂ ਵਿਚ ਭਾਈਚਾਰਕ ਸਾਂਝ ਤੇ ਸ਼ਾਂਤੀ ਬਣੀ ਰਹੇ।

### ਪਿੰਡ ਤੂਤ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ

# ਜੂਨ 1984 ਦੇ ਸ਼ਹੀਦਾਂ ਦੀ ਯਾਦ ਵਿੱਚ ਸਲਾਨਾ ਸ਼ਹੀਦੀ ਸਮਾਗਮ ਕਰਵਾਇਆ








**ਫ਼ਿਰੋਜ਼ਪੁਰ, 29 ਜੂਨ (ਮਨੋਹਰ ਲਾਲ) :—** ਨੇੜਲੇ ਪਿੰਡ ਤੂਤ ਵਿਖੇ ਸਥਿਤ ਗੁਰਦੁਆਰਾ ਛੱਪੜੀ ਸਾਹਿਬ ਵਿਖੇ ਸ਼ਹੀਦਾਂ ਦੇ ਸਰਤਾਜ ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਅਤੇ ਜੂਨ 1984 ਦੇ ਘੱਲੂਘਾਰੇ ਦੇ ਸਮੂਹ ਮਹਾਨ ਸ਼ਹੀਦਾਂ ਦੀ ਪਵਿੱਤਰ ਸ਼ਹਾਦਤ ਨੂੰ ਸਮਰਪਿਤ ਸਲਾਨਾ ਮਹਾਨ ਸ਼ਹੀਦੀ ਸਮਾਗਮ ਬੜੀ ਸ਼ਰਧਾ ਭਾਵਨਾ ਅਤੇ ਚੜ੍ਹਦੀ ਕਲਾਂ ਨਾਲ ਕਰਵਾਇਆ ਗਿਆ। ਇਸ ਧਾਰਮਿਕ ਸਮਾਗਮ ਵਿੱਚ ਇਲਾਕੇ ਭਰ ਤੋਂ ਭਾਰੀ ਗਿਣਤੀ ਵਿੱਚ ਸੰਗਤਾਂ, ਮਹਾਂਪੁਰਸ਼ਾਂ ਅਤੇ ਰਾਜਨੀਤਿਕ, ਧਾਰਮਿਕ ਸ਼ਖਸੀਅਤਾਂ ਨੇ ਹਾਜ਼ਰੀ ਭਰ ਕੇ ਸ਼ਹੀਦਾਂ ਨੂੰ ਆਪਣੀ ਸ਼ਰਧਾਂਜਲੀ ਭੇਂਟ ਕੀਤੀ। ਸਮਾਗਮ ਦੀ ਸ਼ੁਰੂਆਤ ਮੌਕੇ ਸਭ ਤੋਂ ਪਹਿਲਾਂ ਇਲਾਕੇ ਦੀ ਸੁੱਖ—ਸ਼ਾਂਤੀ ਅਤੇ ਚੜ੍ਹਦੀ ਕਲਾ ਲਈ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਭੋਗ ਉਪਰੰਤ ਵਿਸ਼ਾਲ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿੱਚ ਸਿੱਖ ਪੰਥ ਦੇ ਪ੍ਰਸਿੱਧ ਰਾਗੀ ਅਤੇ ਕਥਾਵਾਚਕ ਜਥਿਆਂ ਨੇ ਹਾਜ਼ਰੀ ਲਗਵਾਈ। ਇਸ ਦੌਰਾਨ ਵਿਸ਼ੇਸ਼ ਤੌਰ ਤੇ ਪਹੁੰਚੇ ਭਾਈ ਇਕਬਾਲ ਸਿੰਘ ਲੰਗਿਆਣਾ ਅਤੇ ਭਾਈ ਨਿਰਭੈ ਸਿੰਘ ਪੰਜ ਗਰਾਈਂ ਦੇ ਜਥਿਆਂ ਨੇ ਰਸਭਿੰਨੇ ਕੀਰਤਨ ਅਤੇ ਗੁਰਮਤਿ ਵਿਚਾਰਾਂ (ਕਥਾ) ਰਾਹੀਂ ਆਈਆਂ ਹੋਈਆਂ ਸਮੂਹ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸਿੱਖ ਇਤਿਹਾਸ ਤੋਂ ਜਾਣੂ ਕਰਵਾਇਆ। ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਦੀਵਾਨ ਵਿੱਚ ਹਾਜ਼ਰ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਕਿਹਾ ਕਿ ਸਾਨੂੰ ਧੰਨ—ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਵੱਲੋਂ ਦਰਸਾਏ ਹੋਏ ਸੱਚ ਅਤੇ ਧਰਮ ਦੇ ਮਾਰਗ ਤੇ ਚੱਲ ਕੇ ਆਪਣਾ ਮਨੁੱਖਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੂਨ 1984 ਦੇ ਘੱਲੂਘਾਰੇ ਦੌਰਾਨ ਸ਼ਹੀਦ ਹੋਏ ਕੌਮ ਦੇ ਪਰਵਾਨਿਆਂ ਦੀਆਂ ਕੁਰਬਾਨੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ, ਜਿਨ੍ਹਾਂ ਨੇ ਹੱਕ—ਸੱਚ ਅਤੇ ਧਰਮ ਦੀ ਰੱਖਿਆ ਲਈ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ। ਜੁੜੀਆਂ ਸੰਗਤਾਂ ਦੇ ਸਨਮੁੱਖ ਹੁੰਦਿਆਂ ਆਪਣੇ ਪ੍ਰਵਚਨਾਂ ਦੌਰਾਨ ਸੰਤ ਬਾਬਾ ਬੋਹੜ ਸਿੰਘ ਨੇ ਵਿਸ਼ੇਸ਼ ਤੌਰ ਤੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਦਾ ਤਿਆਗ ਕਰਕੇ ਬਾਣੀ ਅਤੇ ਬਾਣੇ ਦੇ ਲੜ ਲੱਗਣਾ ਚਾਹੀਦਾ ਹੈ ਅਤੇ ਆਪਣੇ ਮਾਪਿਆਂ ਦੀ ਦਿਲੋਂ ਸੇਵਾ ਕਰਨੀ ਚਾਹੀਦੀ ਹੈ, ਕਿਉਂਕਿ ਮਾਪਿਆਂ ਦੀ ਸੇਵਾ ਹੀ ਸਭ ਤੋਂ ਵੱਡੀ ਇਬਾਦਤ ਹੈ। ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਭਾਈ ਹਰਪਿੰਦਰ ਸਿੰਘ ਨੇ ਸੰਗਤਾਂ ਦੀ ਹੱਥੀਂ ਸੇਵਾ ਕਰਕੇ ਸ਼ਰਧਾ ਪ੍ਰਗਟਾਈ। ਸਟੇਜ ਸੰਚਾਲਨ ਦੀ ਸੇਵਾ ਭਾਈ ਹਰਜੀਤ ਸਿੰਘ ਤੂਤ ਵੱਲੋਂ ਬਹੁਤ ਹੀ ਸੁਚੱਜੇ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਈ ਗਈ। ਸਮਾਗਮ ਦੌਰਾਨ ਆਈਆਂ ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਿਆ ਅਤੇ ਗਰਮੀ ਦੇ ਮੌਸਮ ਨੂੰ ਮੁੱਖ ਰੱਖਦਿਆਂ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ।

### ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਸੰਗਤਾਂ ਨੂੰ ਗੁਰੂ ਲੜ ਲੱਗਣ ਤੇ ਮਾਤਾ—ਪਿਤਾ ਦੀ ਸੇਵਾ ਕਰਨ ਦੀ ਕੀਤੀ ਅਪੀਲ

### ਵਿਸ਼ਵ ਵਿਟਿਲੀਗੋ ਵਰਕਸ਼ਾਪ ਤੇ ਕਾਨਫਰੰਸ ਵਿੱਚ

# ਫਿਰੋਜ਼ਪੁਰ ਦੇ ਡਾ: ਨਰੇਸ਼ ਖੰਨਾ ਸਨਮਾਨਿਤ

ਫ਼ਿਰੋਜ਼ਪੁਰ, 29 ਜੂਨ (ਮਨੋਹਰ ਲਾਲ) :— ਫਿਰੋਜ਼ਪੁਰ ਸ਼ਹਿਰ ਸਥਿਤ ਖੰਨਾ ਨਰਸਿੰਗ ਹੋਮ ਦੇ ਸੰਚਾਲਕ ਅਤੇ ਸੀਨੀਅਰ ਚਮੜੀ ਰੋਗ ਵਿਸ਼ੇਸ਼ਗਿਆ ਡਾ: ਨਰੇਸ਼ ਖੰਨਾ ਨੂੰ ਵਰਲਡ ਵਿਟਿਲੀਗੋ ਵਰਕਸ਼ਾਪ ਐਂਡ ਕਾਨਫਰੰਸ 2026 ਦੌਰਾਨ ਚਮੜੀ ਰੋਗਾਂ ਦੇ ਇਲਾਜ ਅਤੇ ਖ਼ਾਸ ਕਰਕੇ ਵਿਟਿਲੀਗੋ ਦੇ ਖੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਐਪਰੀਸੀਏਸ਼ਨ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਇਹ ਅੰਤਰਰਾਸ਼ਟਰੀ ਪੱਧਰ ਦਾ ਸਮਾਗਮ 25 ਤੋਂ 28 ਜੂਨ 2026 ਤੱਕ ਪੀ.ਜੀ.ਆਈ.ਐਮ.ਈ.ਆਰ ਚੰਡੀਗੜ੍ਹ ਅਤੇ ਹਯਾਤ ਰੀਜੈਂਸੀ ਚੰਡੀਗੜ੍ਹ ਵਿਖੇ ਆਯੋਜਿਤ ਕੀਤਾ ਗਿਆ। ਇਸ ਕਾਨਫਰੰਸ ਵਿੱਚ ਦੇਸ਼—ਵਿਦੇਸ਼ ਦੇ ਪ੍ਰਸਿੱਧ ਚਮੜੀ ਰੋਗ ਦੇ ਮਾਹਿਰਾਂ ਨੇ ਹਿੱਸਾ ਲਿਆ ਤੇ ਵਿਟਿਲੀਗੋ (ਚਿੱਟੇ ਦਾਗ) ਦੇ ਇਲਾਜ ਨਾਲ ਸੰਬੰਧਿਤ ਨਵੀਆਂ ਤਕਨੀਕਾਂ, ਸਰਜਰੀ ਅਤੇ ਰੀਜਨਰੇਟਿਵ ਸੈੱਲ ਥੈਰੇਪੀ ਸਬੰਧੀ ਵਿਚਾਰ—ਵਟਾਂਦਰਾ ਕੀਤਾ। ਡਾ: ਨਰੇਸ਼ ਖੰਨਾ ਨੇ ਇਸ ਕਾਨਫਰੰਸ ਵਿੱਚ ਫੈਕਲਟੀ ਮੈਂਬਰ ਵਜੋਂ ਸ਼ਿਰਕਤ ਕੀਤੀ ਅਤੇ ਉਨ੍ਹਾਂ ਨੇ ਵਿਟਿਲੀਗੋ ਸਰਜਰੀ ਨਾਲ ਸੰਬੰਧਿਤ ਵਿਗਿਆਨਕ ਸੈਸ਼ਨਾਂ ਦੀ ਪ੍ਰਧਾਨਗੀ ਕੀਤੀ ਅਤੇ ਆਪਣੇ ਤਜਰਬੇ ਤੇ ਵਿਸ਼ੇਸ਼ਗਿਆਤਾ ਨੂੰ ਹੋਰ ਡਾਕਟਰਾਂ ਨਾਲ ਸਾਂਝਾ ਕੀਤਾ। ਮੈਡੀਕਲ ਖੇਤਰ ਵਿੱਚ ਉਨ੍ਹਾਂ ਦੀਆਂ ਵਿਸ਼ੇਸ਼ ਸੇਵਾਵਾਂ ਅਤੇ ਵਿਟਿਲੀਗੋ ਦੇ ਇਲਾਜ ਵਿੱਚ ਸ਼ਾਨਦਾਰ ਯੋਗਦਾਨ ਨੂੰ ਦੇਖਦੇ ਹੋਏ ਆਯੋਜਕਾਂ ਵੱਲੋਂ ਉਨ੍ਹਾਂ ਨੂੰ ਐਪਰੀਸੀਏਸ਼ਨ ਐਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ। ਡਾ: ਨਰੇਸ਼ ਖੰਨਾ ਦੀ ਇਸ ਪ੍ਰਾਪਤੀ ਤੇ ਫਿਰੋਜ਼ਪੁਰ ਦੇ ਡਾਕਟਰਾਂ, ਸਮਾਜਿਕ ਸੰਸਥਾਵਾਂ, ਮਰੀਜ਼ਾਂ ਅਤੇ ਸ਼ੁਭਚਿੰਤਕਾਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਅਤੇ ਇਸ ਨੂੰ ਸ਼ਹਿਰ ਲਈ ਮਾਣ ਵਾਲੀ ਗੱਲ ਕਰਾਰ ਦਿੱਤਾ।




# ਦਿੱਲੀ ਗੁਰਦੁਆਰਾ ਕਮੇਟੀ ਨੇ ਮਹਾਰਾਜਾ ਰਣਜੀਤ ਸਿੰਘ ਨੂੰ 187ਵੀਂ ਬਰਸੀ 'ਤੇ ਭੇਟ ਕੀਤੀ ਸ਼ਰਧਾਂਜਲੀ

### ਮਹਾਰਾਜਾ ਰਣਜੀਤ ਸਿੰਘ ਨੇ ਸਮਾਜਿਕ ਬਰਾਬਰੀ ਅਤੇ ਸਰਬਧਰਮ ਸਾਂਝ 'ਤੇ ਆਧਾਰਿਤ ਆਦਰਸ਼ ਰਾਜ ਕਾਇਮ ਕੀਤਾ: ਕਾਲਕਾ, ਕਾਹਲੋਂ



**ਨਵੀਂ ਦਿੱਲੀ, 29 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ 187ਵੀਂ ਬਰਸੀ ਮੌਕੇ ਬਾਰਾਂਖੰਭਾ ਰੋਡ ਸਥਿਤ ਉਨ੍ਹਾਂ ਦੇ ਬੁੱਤ 'ਤੇ ਫੁੱਲਾਂ ਦਾ ਹਾਰ ਪਾ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਸਲਾਹਕਾਰ ਪਰਮਜੀਤ ਸਿੰਘ ਚੰਢੋਕ, ਮੀਡੀਆ ਸਲਾਹਕਾਰ ਸੁਦੀਪ ਸਿੰਘ, ਵਿਰਾਸਤ ਸਿੱਖਿਜ਼ਮ ਦੇ ਰਾਜਿੰਦਰ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ। ਮੀਡੀਆ ਨਾਲ ਗੱਲਬਾਤ ਕਰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਨੇ ਸਮਾਜਿਕ ਬਰਾਬਰੀ, ਨਿਆਂ ਅਤੇ ਸਰਬਧਰਮ ਸਾਂਝ 'ਤੇ ਆਧਾਰਿਤ ਸਿੱਖ ਰਾਜ ਸਥਾਪਿਤ ਕਰਕੇ ਇਤਿਹਾਸ ਵਿੱਚ ਨਿਵੇਕਲੀ ਮਿਸਾਲ ਕਾਇਮ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਰਾਜ ਵਿੱਚ ਹਰ ਧਰਮ ਅਤੇ ਵਰਗ ਦੇ ਲੋਕਾਂ ਨੂੰ ਯੋਗਤਾ ਦੇ ਆਧਾਰ 'ਤੇ ਮਾਣ-ਸਤਿਕਾਰ ਅਤੇ ਜ਼ਿੰਮੇਵਾਰੀਆਂ ਦਿੱਤੀਆਂ ਜਾਂਦੀਆਂ ਸਨ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਨੇ ਛੋਟੀ ਉਮਰ ਵਿੱਚ ਹੀ ਲਾਹੌਰ ਫਤਿਹ ਕਰਕੇ ਸਿੱਖ ਸਾਮਰਾਜ ਦੀ ਨੀਂਹ ਰੱਖੀ ਅਤੇ ਆਪਣੀ ਦੂਰਅੰਦੇਸ਼ੀ, ਸੁਚੱਜੇ ਪ੍ਰਬੰਧ ਅਤੇ ਬਹਾਦਰੀ ਸਦਕਾ ਪੰਜਾਬ ਨੂੰ ਮਜ਼ਬੂਤ ਅਤੇ ਖੁਸ਼ਹਾਲ ਰਾਜ ਬਣਾਇਆ। ਉਨ੍ਹਾਂ ਦੀ ਅਗਵਾਈ ਹੇਠ ਹਰੀ ਸਿੰਘ ਨਲੂਆ ਵਰਗੇ ਮਹਾਨ ਜਰਨੈਲਾਂ ਨੇ ਸਾਮਰਾਜ ਦੀਆਂ ਸਰਹੱਦਾਂ ਨੂੰ ਮਜ਼ਬੂਤ ਕੀਤਾ ਅਤੇ ਉਨ੍ਹਾਂ ਦੇ ਜੀਵਨ ਕਾਲ ਦੌਰਾਨ ਅੰਗਰੇਜ਼ ਪੰਜਾਬ 'ਤੇ ਕਬਜ਼ਾ ਨਹੀਂ ਕਰ ਸਕੇ। ਆਗੂਆਂ ਨੇ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦਾ ਸ਼ਾਸਨ ਅੱਜ ਵੀ ਸੁਸ਼ਾਸਨ, ਧਾਰਮਿਕ ਸਹਿਣਸ਼ੀਲਤਾ, ਸਮਾਜਿਕ ਨਿਆਂ ਅਤੇ ਲੋਕ-ਭਲਾਈ ਦੀ ਮਿਸਾਲ ਮੰਨਿਆ ਜਾਂਦਾ ਹੈ। ਉਨ੍ਹਾਂ ਦੇ ਆਦਰਸ਼ ਅਤੇ ਦੂਰਅੰਦੇਸ਼ੀ ਸੋਚ ਅੱਜ ਵੀ ਸਮਾਜ ਅਤੇ ਹਕੂਮਤਾਂ ਲਈ ਪ੍ਰੇਰਣਾ ਸਰੋਤ ਹਨ।

## ਸੰਤ ਬਾਬਾ ਬਿਬੇਕ ਸਿੰਘ ਜੰਡਿਆਲਾ ਗੁਰੂ ਵਾਲਿਆਂ ਨੇ ਤੇਰੀ ਓਟ ਆਸੀਆਨਾ ਗਦਲੀ ਨੂੰ ਲੰਗਰਾ ਦੀ ਰਸਤਾ ਅਤੇ ਦਵਾਈਆਂ ਦਿੱਤੀਆਂ



**ਚੌਕ ਮਹਿਤਾ, 29 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਉੱਘੇ ਸਮਾਜ ਸੇਵਕ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਸੇਵਾਦਾਰ ਸੰਤ ਬਾਬਾ ਬਿਬੇਕ ਸਿੰਘ ਜੀ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ, ਜੰਡਿਆਲਾ ਗੁਰੂ ਨੇ ਬਿਰਧ ਆਸ਼ਰਮ , ਤੇਰੀ ਓਟ ਆਸੀਆਨਾ ਗਦਲੀ ਲੋੜਵੰਦਾਂ ਬਜ਼ੁਰਗਾ, ਔਰਤਾਂ , ਬੱਚਿਆਂ ਵਾਸਤੇ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਗਦਲੀ ਸ੍ਰੀ ਅੰਮ੍ਰਿਤਸਰ ਸਾਹਿਬ ਮੁੱਖੀ ਤੇਰੀ ਓਟ ਆਸੀਆਨਾ ਗਦਲੀ ਵਾਲਿਆਂ ਨੂੰ ਲੰਗਰਾ ਦੀਆਂ ਖਾਣ ਪੀਣ ਵਾਲੀਆਂ ਵਸਤੂਆਂ ਅਤੇ ਮੈਡੀਸਿਨ ਦੀਵਾਈਆ ਦਾਨ ਵੱਜੋਂ ਦਿੱਤੀਆਂ ਗਈਆਂ। ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ ,ਜੰਡਿਆਲਾ ਗੁਰੂ ਦੇ ਆਕਾਲੀ ਦਲ ਵਾਰਿਸ ਪੰਜਾਬ ਦੇ ਸੇਵਾਦਾਰ ਜੋ ਪਿਛੱਲੇ ਕਾਫੀ ਸਮੇਂ ਤੋਂ ਇਲਾਕੇ ਵਿੱਚ ਲੋੜਵੰਦਾਂ ਦੀ ਮਦਦ ਕਰ ਰਹੇ ਹਨ। ਅਤੇ ਇਸ ਤਰ੍ਹਾਂ ਤੇਰੀ ਓਟ ਆਸੀਆਨਾ ਗਦਲੀ ਦੇ ਮੌਜੂਦਾ ਮੁੱਖੀ ਗਿਆਨੀ ਭੁਪਿੰਦਰ ਸਿੰਘ ਗਦਲੀ ਵੀ ਦਿਨ ਰਾਤ ਇੱਕ ਕਰਕੇ ਲਾਵਾਰਸ, ਅਤੇ ਲੋੜਵੰਦਾਂ ਨੂੰ ਆਪਣੇ ਹੱਥਾਂ ਨਾਲ ਹਰ ਰੋਜ਼ ਇਸ਼ਨਾਨ ਕਰਉਣਾ, ਉਨ੍ਹਾਂ ਨੂੰ ਚੰਗੇ ਮੋਸਮ ਦੇ ਹਿਸਾਬ ਨਾਲ ਕੱਪੜੇ ਪਾਉਣੇ। ਅਤੇ ਬਹੁਤ ਵਧੀਆ ਖਾਣਾ ਖਵਾਉਣਾ ਅਤੇ ਲੋੜ ਅਨੁਸਾਰ ਚੰਗੇ ਮਾਹਰ ਡਾਕਟਰਾਂ ਪਾਸੋ ਚੈਕਪਿਕ ਕਰਉਣਾ। ਇਹ ਸਾਰੀ ਸੇਵਾਵਾਂ ਗਿਆਨੀ ਭੁਪਿੰਦਰ ਸਿੰਘ ਗਦਲੀ ਆਪਣੇ ਹੱਥੀਂ ਨਿਬਉਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪਰਿਵਾਰ 'ਤੇ ਟੁੱਟਿਆ ਦੁੱਖਾਂ ਦਾ ਪਹਾੜ

# ਖੇਤਾਂ ਵਿੱਚ ਕੰਮ ਕਰਦੇ ਸਮੇਂ ਕਰੰਟ ਲੱਗਣ ਨਾਲ ਮਜ਼ਦੂਰ ਦੀ ਮੌਤ

**ਤਲਵੰਡੀ ਸਾਬੋ, 29 ਜੂਨ (ਗੁਰਜੰਟ ਸਿੰਘ ਨਥੇਹਾ)**-ਪਿੰਡ ਭਾਗੀਵਾਂਦਰ ਵਿੱਚ ਅੱਜ ਖੇਤਾਂ ਵਿੱਚ ਕੰਮ ਕਰਦੇ ਸਮੇਂ ਕਰੰਟ ਲੱਗਣ ਕਾਰਨ ਇੱਕ ਮਜ਼ਦੂਰ ਦੀ ਦਰਦਨਾਕ ਮੌਤ ਹੋ ਗਈ।



ਮ੍ਰਿਤਕ ਦੀ ਪਛਾਣ ਜਰਨੈਲ ਸਿੰਘ ਉਰਫ਼ ਬਿੱਟੂ (37) ਪੁੱਤਰ ਬੂਟਾ ਸਿੰਘ ਵਜੋਂ ਹੋਈ ਹੈ। ਮ੍ਰਿਤਕ ਦੇ ਭਰਾ ਮਨੀ ਨੇ ਦੱਸਿਆ ਕਿ ਜਰਨੈਲ ਸਿੰਘ ਦਿਹਾੜੀ-ਮਜ਼ਦੂਰੀ ਕਰਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਚਲਾਉਂਦਾ ਸੀ। ਅੱਜ ਉਹ ਪਿੰਡ ਦੇ ਖੇਤਾਂ ਵਿੱਚ ਕੰਮ ਕਰ ਰਿਹਾ ਸੀ ਕਿ ਅਚਾਨਕ ਬਿਜਲੀ ਦੇ ਕਰੰਟ ਦੀ ਲਪੇਟ ਵਿੱਚ ਆ ਗਿਆ। ਕਰੰਟ ਲੱਗਣ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮ੍ਰਿਤਕ ਜਰਨੈਲ ਸਿੰਘ ਆਪਣੇ ਪਿੱਛੇ ਪਤਨੀ ਅਤੇ ਦੋ ਛੋਟੇ ਬੱਚੇ ਛੱਡ ਗਿਆ ਹੈ। ਉਸ ਦੀ ਅਚਾਨਕ ਮੌਤ ਨਾਲ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ ਅਤੇ ਪਿੰਡ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਪਰਿਵਾਰਕ ਮੈਂਬਰਾਂ ਦਾ ਰੋ-ਰੋ ਕੇ ਬੁਰਾ ਹਾਲ ਹੈ। ਮੌਤ ਤੋਂ ਬਾਅਦ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਬਾਬਾ ਦੀਪ ਸਿੰਘ ਜੀ ਦੀ ਮੋਰਚਰੀ ਵਿੱਚ ਰਖਵਾ ਦਿੱਤਾ ਗਿਆ ਹੈ। ਪੋਸਟਮਾਰਟਮ ਦੀ ਕਾਰਵਾਈ ਤੋਂ ਬਾਅਦ ਲਾਸ਼ ਵਾਰਸਾਂ ਦੇ ਹਵਾਲੇ ਕੀਤੀ ਜਾਵੇਗੀ। ਇਸ ਦੁਖਦਾਈ ਘਟਨਾ ਤੋਂ ਬਾਅਦ ਪਿੰਡ ਵਾਸੀਆਂ ਨੇ ਦੁਖੀ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੀੜਤ ਪਰਿਵਾਰ ਨੂੰ ਬਣਦੀ ਆਰਥਿਕ ਸਹਾਇਤਾ ਅਤੇ ਹੋਰ ਸਰਕਾਰੀ ਰਾਹਤ ਜਲਦੀ ਤੋਂ ਜਲਦੀ ਮੁਹੱਈਆ ਕਰਵਾਈ ਜਾਵੇ ਤਾਂ ਜੋ ਪਰਿਵਾਰ ਇਸ ਔਖੇ ਸਮੇਂ ਵਿੱਚ ਆਪਣਾ ਗੁਜ਼ਾਰਾ ਕਰ ਸਕੇ।

ਸੰਤ ਬਾਬਾ ਅਵਤਾਰ ਸ਼ਾਹ ਸਿੰਘ ਜੀ ਨੂੰ

# ਅੰਤਿਮ ਅਰਦਾਸ ਮੌਕੇ ਆਗੂਆਂ ਨੇ ਭੇਟ ਕੀਤੇ ਸ਼ਰਧਾ ਦੇ ਫੁੱਲ



ਨਵੀਂ ਦਿੱਲੀ 29 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਕੌਮ ਦੀ ਮਹਾਨ ਧਾਰਮਿਕ ਸ਼ਖ਼ਸੀਅਤ ਅਤੇ ਗੁਰਮਤਿ ਪ੍ਰਚਾਰਕ ਅਤਿ ਸਤਿਕਾਰਯੋਗ ਸੰਤ ਬਾਬਾ ਅਵਤਾਰ ਸ਼ਾਹ ਸਿੰਘ ਜੀ (ਦਿੱਲੀ ਵਾਲੇ), ਜੋ ਪਿਛਲੇ ਦਿਨੀਂ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਸਨ, ਦੀ ਆਤਮਿਕ ਸ਼ਾਂਤੀ ਲਈ ਗੁਰਦੁਆਰਾ ਰਕਾਬ ਗੰਜ ਸਾਹਿਬ, ਨਵੀਂ ਦਿੱਲੀ ਸਥਿਤ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਖੇ ਅੰਤਿਮ ਅਰਦਾਸ ਸਮਾਗਮ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਸੰਪੰਨ ਹੋਇਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ, ਧਾਰਮਿਕ, ਸਮਾਜਿਕ ਅਤੇ ਪੰਥਕ ਆਗੂਆਂ ਨੇ ਹਾਜ਼ਰੀ ਭਰਦਿਆਂ ਸੰਤ ਬਾਬਾ ਅਵਤਾਰ ਸ਼ਾਹ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਉਹਨਾਂ ਦੀ ਪਵਿੱਤਰ ਰੂਹ ਦੀ ਚੜ੍ਹਦੀ ਕਲਾ ਅਤੇ ਸੱਚਖੰਡ ਵਾਸ ਲਈ ਅਰਦਾਸ ਕੀਤੀ। ਇਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਧਾਨ ਹਰਮੀਤ ਸਿੰਘ ਕਾਲਕਾ, ਸਕੱਤਰ ਜਗਦੀਪ ਸਿੰਘ ਕਾਹਲੋਂ, ਕਮੇਟੀ ਦੇ ਮੈਂਬਰਾਂ ਸਮੇਤ ਸ਼੍ਰੋਮਣੀ ਅਕਾਲੀ ਦਲ (ਦਿੱਲੀ ਇਕਾਈ) ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਹਰਵਿੰਦਰ ਸਿੰਘ ਸਰਨਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਮਾਗਮ ਦੌਰਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਤ ਬਾਬਾ ਅਵਤਾਰ ਸ਼ਾਹ ਸਿੰਘ ਜੀ ਦੇ ਸਪੁੱਤਰਾਂ ਨੂੰ ਸਨਮਾਨ ਵਜੋਂ ਦਸਤਾਰ ਭੇਟ ਕੀਤੀ ਗਈ। ਇਹ ਸਨਮਾਨ ਸੰਤ ਬਾਬਾ ਜੀ ਦੀਆਂ ਪੰਥਕ ਅਤੇ ਧਾਰਮਿਕ ਸੇਵਾਵਾਂ ਪ੍ਰਤੀ ਕਮੇਟੀ ਵੱਲੋਂ ਪ੍ਰਗਟਾਏ ਗਏ ਡੂੰਘੇ ਸਤਿਕਾਰ ਅਤੇ ਸ਼ਰਧਾ ਦਾ ਪ੍ਰਤੀਕ ਰਿਹਾ। ਅੰਤਿਮ ਅਰਦਾਸ ਸਮਾਗਮ ਦੌਰਾਨ ਸਮੂਹ ਸੰਗਤ ਨੇ ਸੰਤ ਬਾਬਾ ਅਵਤਾਰ ਸ਼ਾਹ ਸਿੰਘ ਜੀ ਦੇ ਵਿਛੋੜੇ ਨੂੰ ਸਿੱਖ ਪੰਥ ਲਈ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਕਰਾਰ ਦਿੰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਪਰਿਵਾਰ ਨੂੰ ਇਹ ਭਾਣਾ ਮੰਨਣ ਦਾ ਬਲ ਬਖ਼ਸ਼ੇ ਅਤੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ।

ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਸਰਕਾਰੀ ਸਕੀਮਾਂ ਦੀ ਜਾਣਕਾਰੀ ਲਈ

# ਲੋਕ ਮਿਲਣੀਆਂ ਬਣੀਆਂ ਪ੍ਰਭਾਵਸ਼ਾਲੀ ਸਾਧਨ: ਦਲਵੀਰ ਸਿੰਘ ਢਿੱਲੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਹਲਕਾ ਧੂਰੀ ਦੇ ਪਿੰਡ ਨੱਤ ਵਿਖੇ ਸਰਪੰਚ ਰਾਣੀ ਕੌਰ ਪਤਨੀ ਰਾਮ ਜੀ ਵੱਲੋਂ ਕਰਵਾਏ ਗਏ "ਲੋਕ ਮਿਲਣੀ" ਪ੍ਰੋਗਰਾਮਾਂ ਦੌਰਾਨ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਅਤੇ ਨੀਤੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਪੱਖੀ ਯੋਜਨਾਵਾਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਲੋਕ ਮਿਲਣੀ ਪ੍ਰੋਗਰਾਮ ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਰਾਹੀਂ ਨਾ ਸਿਰਫ਼ ਲੋਕਾਂ ਨੂੰ ਸਰਕਾਰੀ ਸਕੀਮਾਂ ਦੀ ਜਾਣਕਾਰੀ ਦਿੱਤੀ ਜਾ ਰਹੀ ਹੈ, ਸਗੋਂ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਵੀ ਮੌਕੇ 'ਤੇ ਸੁਣ ਕੇ ਸਬੰਧਤ ਵਿਭਾਗਾਂ ਰਾਹੀਂ ਹੱਲ ਕਰਵਾਉਣ ਦੇ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਉੱਘੇ ਸਮਾਜ ਸੇਵੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਜਗਸੀਰ ਸਿੰਘ ਲੱਡਾ, ਨਰਿੰਦਰ ਸਿੰਘ , ਬਲਕਾਰ ਸਿੰਘ ਨੱਤ ,ਗੁਰਸੇਵਕ ਸਿੰਘ, ਕਾਹਲਾ ਸਿੰਘ ਪੰਚ, ਭੋਲਾ ਸਿੰਘ ਪੰਚ, ਬਸਾਖਾ ਸਿੰਘ ਪੰਚ, ਹਰਵਿੰਦਰ ਕੌਰ ਪੰਚ, ਨਛੱਤਰ ਸਿੰਘ ਪੰਚ, ਕਿਰਨਦੀਪ ਕੌਰ ਪੰਚ, ਚਰਨਜੀਤ ਕੌਰ ਪੰਚ, ਸਾਬਕਾ ਸਰਪੰਚ ਮਾਨਾ ਸਿੰਘ, ਪ੍ਰਿਥੀ ਸਿੰਘ ਰਿਟਾ:ਸਬ ਇੰਸਪੈਕਟਰ ਹਾਜ਼ਰ ਸਨ।

# ਗੁਰਪ੍ਰੀਤ ਸਿੰਘ ਸੇਖੋਂ ਨੇ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾ ਕੀਤਾ ਆਗਾਜ਼



ਫ਼ਿਰੋਜ਼ਪੁਰ, 29 ਜੂਨ (ਮਨੋਹਰ ਲਾਲ) :— ਭਾਰਤ ਨੂੰ ਪੋਲੀਓ ਮੁਕਤ ਕਰਨ ਲਈ ਪੋਲੀਓ ਗੇੜ ਦੇ ਦੂਸਰੇ ਦਿਨ ਡਾ: ਰੇਖਾ ਭੱਟੀ ਸੀਨੀਅਰ ਮੈਡੀਕਲ ਅਫਸਰ ਫ਼ਿਰੋਜ਼ਸ਼ਾਹ ਅਤੇ ਗੁਰਪ੍ਰੀਤ ਸਿੰਘ ਸੇਖੋਂ ਮੁੱਦਕੀ ਵੱਲੋਂ ਕੈਂਪ ਦਾ ਆਗਾਜ਼ ਕਰਦੇ ਹੋਏ ਜਿਥੇ ਨਿਕੜਿਆਂ ਨੂੰ ਪੋਲੀਓ ਤੋਂ ਮੁਕਤੀ ਦਿਵਾਉਂਦੀਆਂ ਦੋ ਬੂੰਦਾਂ ਪਿਲਾਈਆਂ ਗਈਆਂ, ਉਥੇ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਤੰਦਰੁਸਤੀ ਲਈ ਇਹ ਬੂੰਦਾਂ ਆਪਣੇ ਬੱਚਿਆਂ ਨੂੰ ਪਿਲਾਉਣ ਦਾ ਹੋਕਾ ਦਿੱਤਾ ਗਿਆ। ਇਸ ਮੌਕੇ ਕੌਰਜੀਤ ਸਿੰਘ ਢਿੱਲੋਂ, ਅਮਨਦੀਪ ਸਿੰਘ ਐਸ.ਆਈ, ਰਾਮ ਪ੍ਰਸ਼ਾਦ ਜ਼ਿਲ੍ਹਾ ਪ੍ਰਧਾਨ, ਗੁਰਮੀਤ ਕੌਰ ਏ.ਐਨ.ਐਮ, ਜ਼ਸਵੰਤ ਸਿੰਘ ਕੋਟ ਕਰੋੜ, ਮਨਦੀਪ ਕੌਰ ਸੇਖੋਂ, ਕੁਲਜੀਤ ਕੌਰ ਸੇਖੋਂ ਦੋਵੇਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਫ਼ਿਰੋਜ਼ਪੁਰ, ਕੁਲਬੀਰ ਕੌਰ, ਪਰਮਜੀਤ ਕੌਰ ਐਮ.ਸੀ ਨਗਰ ਕੌਂਸਲ ਮੁੱਦਕੀ, ਗਗਨ ਪ੍ਰਧਾਨ ਨਗਰ ਕੌਂਸਲ ਮੁੱਦਕੀ ਅਤੇ ਸਮੇਤ ਸਖਸ਼ੀਅਤਾਂ ਹਾਜ਼ਰ ਸਨ। ਇਸ ਮੌਕੇ ਡਾ: ਰੇਖਾ ਭੱਟੀ ਐਸ.ਐਮ.ਓ ਫ਼ਿਰੋਜ਼ਪੁਰ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਹ ਗੇੜ 28 ਜੂਨ ਤੋਂ 30 ਜੂਨ ਤੱਕ ਚਲੇਗਾ ਅਤੇ ਇਸ ਕੈਂਪ ਦੌਰਾਨ 0 ਤੋਂ 5 ਸਾਲ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਉਣ ਲਈ 200 ਤੋਂ ਵੱਧ ਟੀਮਾਂ ਦਾ ਗਠਨ ਕੀਤਾ ਗਿਆ ਹੈ, ਜ਼ੋ ਘਰ—ਘਰ ਜਾ ਕੇ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਉਣਗੀਆਂ।

# ਸ. ਸਤਿੰਦਰ ਸਿੰਘ ਨੂੰ ਨਗਰ ਪੰਚਾਇਤ ਜੰਡਿਆਲਾ ਗੁਰੂ ਦਾ ਪ੍ਰਧਾਨ ਨਿਯੁਕਤ ਹੋਣ ਤੇ ਬਲਜੀਤ ਸਿੰਘ ਸਰਾਂ ਨੇ ਦਿੱਤੀ ਵਧਾਈ



**ਚੌਕ ਮਹਿਤਾ, 29 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦੇ ਭਰਾਤਾ ਸ, ਸਤਿੰਦਰ ਸਿੰਘ ਨਗਰ ਪੰਚਾਇਤ ਜੰਡਿਆਲਾ ਗੁਰੂ ਦੇ ਪ੍ਰਧਾਨ ਨਿਯੁਕਤ ਹੋਣ ਤੇ ਉਨ੍ਹਾਂ ਦੇ ਗ੍ਰਹਿ ਵਿਖੇ ਜਾ ਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਨਰਲ ਸਕੱਤਰ ਐਸੀ ਸੈਲ ਪੰਜਾਬ ਦੇ ਸੂਝਵਾਨ ਨੋਜਵਾਨ ਬਲਜੀਤ ਸਿੰਘ ਸਰਾਂ ਨੇ ਮੁਬਾਰਕਾਂ ਦਿੰਦੇ ਹੋਏ ਕਿਹਾ ਕਿ ਅਸੀ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦੇ ਹਾਂ। ਜਿਨ੍ਹਾਂ ਨੇ ਸਤਿੰਦਰ ਸਿੰਘ ਨੂੰ ਨਗਰ ਪੰਚਾਇਤ ਜੰਡਿਆਲਾ ਗੁਰੂ ਦਾ ਪ੍ਰਧਾਨ ਨਿਯੁਕਤ ਕੀਤਾ ਹੈ। ਇਸ ਮੌਕੇ ਤੇ ਪ੍ਰਧਾਨ ਸਤਿੰਦਰ ਸਿੰਘ ਨੇ ਬਲਜੀਤ ਸਿੰਘ ਸਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਸੈਲ ਪੰਜਾਬ, ਸਰਪੰਚ ਪਰਮਿੰਦਰ ਸਿੰਘ ਡੇਅਰੀਵਾਲ, ਹਰਪ੍ਰੀਤ ਸਿੰਘ, ਸੁਖਦੀਪ ਸਿੰਘ ਕੰਗ ਆਦਿ ਆਗੂ ਹਾਜਰ ਸਨ।

# ਸਤਿਕਾਰ ਐਕਟ ਨੇ ਪੰਜਾਬ ਸਰਕਾਰ ਦੀ ਸਿਆਸੀ ਬੌਧਿਕਤਾ ਦਾ ਦੀਵਾਲੀਆਪਨ ਕੀਤਾ ਬੇਨਕਾਬ: ਪਰਮਜੀਤ ਸਿੰਘ ਵੀਰਜੀ

## ਗੁਰੂ ਸਾਹਿਬ ਦੀ ਮਰਯਾਦਾ ਤੈਅ ਕਰਨ ਦਾ ਹੱਕ ਸਿਰਫ਼ ਗੁਰੂ ਪੰਥ ਕੋਲ ਹੈ, ਨਾ ਕਿ ਕਿਸੇ ਸਰਕਾਰੀ ਕਾਨੂੰਨ ਕੋਲ



**ਨਵੀਂ ਦਿੱਲੀ 29 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਭਾਈ ਪਰਮਜੀਤ ਸਿੰਘ ਵੀਰਜੀ ਮੁੱਖ ਬੁਲਾਰਾ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਅਤੇ ਗੁਰਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖ ਸੇਵਾਦਾਰ ਨੇ ਮੀਡੀਆ ਨਾਲ ਇਕ ਵਿਸ਼ੇਸ਼ ਗੱਲਬਾਤ ਦੌਰਾਨ ਕਿਹਾ ਕਿ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਦੇ ਮਾਮਲੇ ਨੇ ਪੰਜਾਬ ਸਰਕਾਰ ਦੀ ਸਿਆਸੀ ਲੀਡਰਸ਼ਿਪ ਦੀ ਬੌਧਿਕ ਨਾਕਾਮੀ ਨੂੰ ਬੇਨਕਾਬ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਿਸ ਕਾਨੂੰਨ ਦਾ ਸਬੰਧ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਵਉੱਚਤਾ ਅਤੇ ਪੰਥਕ ਮਰਯਾਦਾ ਨਾਲ ਸੀ, ਉਸ ਨੂੰ ਬਿਨਾਂ ਡੂੰਘੀ ਵਿਚਾਰ-ਚਰਚਾ ਅਤੇ ਪੰਥਕ ਸਲਾਹ-ਮਸ਼ਵਰੇ ਤੋਂ ਪਾਸ ਕਰਨਾ ਬਹੁਤ ਗੰਭੀਰ ਗਲਤੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਕਿਸੇ ਵੀ ਸਰਕਾਰ ਜਾਂ ਵਿਧਾਨ ਸਭਾ ਦੇ ਅਧਿਕਾਰ ਖੇਤਰ ਦਾ ਵਿਸ਼ਾ ਨਹੀਂ ਹਨ ਅਤੇ ਗੁਰੂ ਸਾਹਿਬ ਦੀ ਮਰਯਾਦਾ ਤੈਅ ਕਰਨ ਦਾ ਹੱਕ ਸਿਰਫ਼ ਗੁਰੂ ਪੰਥ ਕੋਲ ਹੈ, ਨਾ ਕਿ ਕਿਸੇ ਸਰਕਾਰੀ ਕਾਨੂੰਨ ਕੋਲ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਵਿਵਾਦਪੂਰਨ ਕਾਨੂੰਨ ਵਿੱਚ ਸੋਧਾਂ ਕਰਨ ਦੀ ਬਜਾਏ ਇਸ ਨੂੰ ਪੂਰੀ ਤਰ੍ਹਾਂ ਰੱਦ ਕੀਤਾ ਜਾਣਾ ਚਾਹੀਦਾ ਹੈ, ਕਿਉਂਕਿ ਧਾਰਮਿਕ ਅਕੀਦੇ ਕਾਨੂੰਨੀ ਧਾਰਾਵਾਂ ਨਾਲ ਨਹੀਂ ਸਗੋਂ ਸ਼ਰਧਾ ਅਤੇ ਪੰਥਕ ਮਰਯਾਦਾ ਨਾਲ ਸੁਰੱਖਿਅਤ ਰਹਿੰਦੇ ਹਨ। ਭਾਈ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਗੁਰੂ ਸਾਹਿਬ ਦੀ ਬੇਅਦਬੀ ਵਰਗੇ ਅਪਰਾਧਾਂ ਲਈ ਮੌਜੂਦਾ ਫੌਜਦਾਰੀ ਕਾਨੂੰਨਾਂ ਨੂੰ ਹੋਰ ਸਖ਼ਤ ਬਣਾਇਆ ਜਾਵੇ ਅਤੇ ਦੋਸ਼ੀਆਂ ਲਈ ਮਿਸਾਲੀ ਸਜ਼ਾਵਾਂ ਯਕੀਨੀ ਬਣਾਈਆਂ ਜਾਣ। ਨਾਲ ਹੀ ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਜ਼ਿੱਦ ਛੱਡ ਕੇ ਇਹ ਕਾਨੂੰਨ ਤੁਰੰਤ ਵਾਪਸ ਲਿਆ ਜਾਵੇ ਤਾਂ ਜੋ ਪੰਥਕ ਭਾਵਨਾਵਾਂ ਦਾ ਸਨਮਾਨ ਹੋ ਸਕੇ ਅਤੇ ਭਵਿੱਖ ਵਿੱਚ ਧਾਰਮਿਕ ਮਾਮਲਿਆਂ ਵਿੱਚ ਸਰਕਾਰੀ ਦਖ਼ਲਅੰਦਾਜ਼ੀ ਦੀ ਕੋਈ ਮਿਸਾਲ ਕਾਇਮ ਨਾ ਹੋਵੇ।

# ਸਿੱਖ ਕੌਮ ਦੀ ਇੱਕ ਮਾਣਮੱਤੀ ਜਥੇਬੰਦੀ-ਦਮਦਮੀ ਟਕਸਾਲ

**ਦਮਦਮੀ** ਟਕਸਾਲ ਧੰਨ ਗੁਰੂ ਕਲਗੀਧਰ ਪਿਤਾ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਥਾਪੜੇ ਨਾਲ ਸਥਾਪਿਤ ਕੀਤੀ ਹੋਈ ਕੌਮ ਦੀ ਇੱਕ ਮਾਣਮੱਤੀ ਜਥੇਬੰਦੀ ਹੈ੍ ਜਥੇਬੰਦੀ ਨੇ ਧੰਨ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਸਮੇਂ ਤੋਂ ਲੈ ਕੇ ਮੌਜੂਦਾ ਸਮੇਂ ਤੱਕ ਸੀਨਾ ਬਸੀਨਾ ਗੁਰੂ ਕਲਗੀਧਰ ਪਿਤਾ ਮਹਾਰਾਜ ਜੀ ਦੀ ਦਿੱਤੀ ਹੋਈ ਮਰਿਆਦਾ ਅਤੇ ਧਰਮ ਦੇ ਪ੍ਰਚਾਰ ਦੀਆਂ ਸੇਵਾਵਾਂ ਬਾਖੂਬੀ ਨਿਭਾਈਆਂ ਹਨ੍ ਦਮਦਮੀ ਟਕਸਾਲ ਦੇ ਮੁਖੀ ਸਿੰਘ ਸਾਹਿਬਾਨ ਜੀ ਨੇ ਸਮਾਂ ਪੈਣ ਤੇ ਆਪਣੇ ਸੀਸ ਕੌਮ ਤੇ ਪੰਥ ਦੀ ਖਾਤਰ ਕੁਰਬਾਨ ਕਰਕੇ ਧੰਨ ਗੁਰੂ ਕਲਗੀਧਰ ਪਿਤਾ ਮਹਾਰਾਜ ਜੀ ਵੱਲੋਂ ਦਿੱਤੇ ਗਏ ਸਿਧਾਂਤ ਉੱਪਰ ਪੂਰਨ ਰੂਪ ਵਿੱਚ ਪਹਿਰਾ ਦਿੱਤਾ ਹੈ। ਮੌਜੂਦਾ ਸਮੇਂ ਅੰਦਰ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਦਮਦਮੀ ਟਕਸਾਲ ਦੇ ਮੁਖੀ ਵਜੋਂ ਆਪਣੀਆਂ ਇਹਨਾਂ

ਆਵਾਜ਼ਿ ਕੌਮ
AWAZE QAUM
International Newspaper & WEB TV

ਸੇਵਾਵਾਂ ਨੂੰ ਪੂਰਨ ਰੂਪ ਵਿੱਚ ਕੌਮ ਤੇ ਪੰਥ ਨੂੰ ਸਮਰਪਿਤ ਹੋ ਕੇ ਨਿਭਾ ਰਹੇ ਹਨ੍ ਦਮਦਮੀ ਟਕਸਾਲ ਦੇ ਮੁਖੀ ਸਾਹਿਬਾਨ ਨੇ ਸਮੇਂ ਅਨੁਸਾਰ ਆਪੋ ਆਪਣੀਆਂ ਸੇਵਾਵਾਂ ਨਿਭਾਈਆਂ ਹਨ੍ ਅੱਜ ਦੇ ਸਮੇਂ ਦੇ ਮੁਤਾਬਿਕ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਆਪਣੀ ਸੂਝ ਬੂਝ ਅਤੇ ਕੌਮ ਨੂੰ ਸਮਰਪਿਤ ਹੋ ਕਰਕੇ ਆਪਣੀਆਂ ਸੇਵਾਵਾਂ ਵੀ ਉਸੇ ਤਰ੍ਹਾਂ ਨਿਭਾ ਰਹੇ ਹਨ੍। ਦਮਦਮੀ ਟਕਸਾਲ ਨਾਲ ਨਿੱਜੀ ਰੂਪ ਵਿੱਚ ਈਰਖਾ ਕਰਨ ਵਾਲੇ ਜਾਂ ਦਮਦਮੀ ਟਕਸਾਲ ਦੇ ਜਥੇ ਵਿੱਚ ਰਹਿ ਕੇ ਦਮਦਮੀ ਟਕਸਾਲ ਦੇ ਸਿਧਾਂਤਾਂ ਤੋਂ ਮੁਨਕਰ ਹੋਏ ਕੁਝ ਲੋਕ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਨੂੰ ਨਿਸ਼ਾਨਾ ਬਣਾ ਕੇ ਬਹੁਤ ਕੋਝੀਆਂ ਹਰਕਤਾਂ ਕਰਦੇ ਹੋਏ ਆਪਣੀ ਮਾਣਮੱਤੀ ਸੰਸਥਾ ਦਮਦਮੀ ਟਕਸਾਲ ਨੂੰ ਭੰਡਣ ਵਾਸਤੇ ਯਤਨ ਕਰ ਰਹੇ ਹਨ। ਜਿਨਾਂ ਦਾ ਸਾਥ ਸੋਸ਼ਲ ਮੀਡੀਆ, ਪੇਪਰ ਮੀਡੀਆ ਅਤੇ ਨੈਸ਼ਨਲ ਮੀਡੀਆ ਆਪਣੀ ਵਿਊਅਰਸ਼ਿਪ ਵਧਾਉਣ ਵਾਸਤੇ ਦੇ ਰਿਹਾ ਹੈ। ਆਪੋ ਆਪਣੇ ਬਣਾਏ ਹੋਏ ਨਿੱਜੀ ਚੈਨਲ ਅਤੇ ਕੁਝ ਇੱਕ ਨੈਸ਼ਨਲ ਚੈਨਲ ਵੀ ਆਪਣੇ ਆਪ ਨੂੰ ਲੋਕਾਂ ਵਿੱਚ ਪ੍ਰਚੱਲਤ ਕਰਨ ਵਾਸਤੇ ਬੇਬੁਨਿਆਦ ਅਤੇ ਹਰ ਇੱਕ ਰਾਹ ਚੱਲਦੇ ਵਿਅਕਤੀ ਨੂੰ ਟੈਲੀਵਿਜ਼ਨ ਚੈਨਲ ਉੱਪਰ ਬਿਠਾ ਕੇ ਦਮਦਮੀ ਟਕਸਾਲ ਅਤੇ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਦੇ ਸੰਬੰਧ ਵਿੱਚ ਬੇਤੁਕੀਆਂ ਅਤੇ ਨਾ ਵਾਜਬ ਗੱਲਾਂ ਕਰਦੇ ਹੋਏ ਕੂੜ ਦਾ ਪ੍ਰਚਾਰ ਕਰਾ ਰਹੇ ਹਨ। ਸਿਧਾਂਤਕ ਰੂਪ ਵਿੱਚ ਹਰ ਇੱਕ ਵਿਅਕਤੀ ਨੂੰ ਇਹ ਪੂਰਨ ਅਧਿਕਾਰ ਹੈ ਕਿ ਉਹ ਕਿਸੇ ਵੀ ਵਿਅਕਤੀ ਦਾ ਸੰਸਥਾ ਦਾ ਜਾਂ ਸੰਪਰਦਾ ਦਾ ਵਿਰੋਧ ਕਰੇ ਪਰ ਉਸ ਵਿਰੋਧ ਦੇ ਪਿੱਛੇ ਗੁਰਮਤ ਅਤੇ ਸਿਧਾਂਤਕ ਤੱਥ ਹੋਣੇ ਬਹੁਤ ਜਰੂਰੀ ਹਨ੍ ਗੁਰਮਤਿ ਅਤੇ ਗੁਰ ਸਿਧਾਂਤ ਤੋਂ ਹੀਣੇ ਮਨੁੱਖ ਆਪਣੇ ਨਿਜੀ ਕਾਰਨਾਂ ਕਰਕੇ ਅਤੇ ਸੰਤ ਬਾਬਾ ਹਰਨਾਮ ਸਿੰਘ ਜੀ ਨਾਲ ਨਿੱਜੀ ਈਰਖਾ ਕਰਕੇ ਦਮਦਮੀ ਟਕਸਾਲ ਅਤੇ ਦਮਦਮੀ ਟਕਸਾਲ ਦੇ ਮੁਖੀ ਨੂੰ ਨਿਸ਼ਾਨਾ ਬਣਾ ਕੇ ਪੰਥ ਵਿੱਚ ਬੇਤੁਕੀਆਂ ਅਤੇ ਬੇਲੋੜੀਆਂ ਗੱਲਾਂ ਦਾ ਪ੍ਰਚਾਰ ਕਰਾ ਰਹੇ ਹਨ੍ ਸੋਸ਼ਲ ਮੀਡੀਆ ਪੇਪਰ ਮੀਡੀਆ



ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ, ਮੌਜੂਦਾ ਮੁਖੀ ਦਮਦਮੀ ਟਕਸਾਲ

ਜਾਂ ਨੈਸ਼ਨਲ ਚੈਨਲ ਜਿੰਨੇ ਵੀ ਵਿਅਕਤੀ ਆਪਣੇ ਆਪ ਨੂੰ ਪੱਤਰਕਾਰ ਸਮਝਦੇ ਹਨ ਜਾਂ ਕਿਸੇ ਰੂਪ ਵਿੱਚ ਵੀ ਸੰਗਤ ਨਾਲ ਜਾਣਕਾਰੀ ਸਾਂਝਾ ਕਰਨਾ ਚਾਹੁੰਦੇ ਹਨ ਉਹਨਾਂ ਦਾ ਇਹ ਫਰਜ਼ ਬਣਦਾ ਹੈ ਕਿ ਕਿਸੇ ਵੀ ਵਿਅਕਤੀ ਵੱਲੋਂ ਕਿਸੇ ਦੂਜੇ ਵਿਅਕਤੀ ਉੱਪਰ ਲਾਏ ਗਏ ਇਲਜ਼ਾਮ ਜਾਂ ਕੱਸੇ ਗਏ ਤੰਜ ਨੂੰ ਲੋਕਾਂ ਵਿੱਚ ਪ੍ਰਚਾਰਨ ਤੋਂ ਪਹਿਲਾਂ ਉਸ ਸੰਸਥਾ ਦੇ ਨਾਲ ਉਸ ਸੰਸਥਾ ਦੇ ਮੁਖੀ ਦੇ ਨਾਲ ਜਾਂ ਸੰਬੰਧਿਤ ਵਿਅਕਤੀ ਦੇ ਨਾਲ ਗੱਲਬਾਤ ਕੀਤੀ ਜਾਵੇ ਲਾਏ ਗਏ ਇਲਜ਼ਾਮਾਂ ਅਤੇ ਤੱਥਾਂ ਦੀ ਪੜਤਾਲ ਕੀਤੀ ਜਾਵੇ ਅਤੇ ਉਸ ਤੋਂ ਬਾਅਦ ਫਿਰ ਲੋਕਾਂ ਵਿੱਚ ਗੱਲ ਸਾਹਮਣੇ ਰੱਖੀ ਜਾਵੇ ਨਾ ਕਿ ਹਰ ਇੱਕ ਰਾਹ ਚਲਦੇ ਵਿਅਕਤੀ ਨੂੰ ਆਪਣੇ ਨਾਲ ਬਿਠਾ ਕੇ ਅਤੇ ਜੋ ਮੂੰਹ ਵਿੱਚ ਆਵੇ ਉਹ ਲੋਕਾਂ ਸਾਹਮਣੇ ਪੇਸ਼ ਕਰਨ ਨੂੰ ਪੱਤਰਕਾਰੀ ਦਾ ਨਾਂ ਦੇ ਦਿੱਤਾ ਜਾਵੇ ਦਾਸ ਗਿਆਨੀ ਬਘੇਲ ਸਿੰਘ ਜੀ ਵੱਲੋਂ ਸਾਰੇ ਗੁਰਮੁਖਾਂ ਦੇ ਚਰਨਾਂ ਅੰਦਰ ਹੱਥ ਜੋੜ ਕੇ ਬੇਨਤੀ ਹੈ ਕਿ ਸਿਧਾਂਤਕ ਰੂਪ ਵਿੱਚ ਸਾਰਥਕ ਵਿਰੋਧ ਕਰਨਾ ਬਹੁਤ ਜਰੂਰੀ ਹੈ ਜਿਸ ਨਾਲ ਸੇਵਾ ਕਰਨ ਵਾਲਾ ਵਿਅਕਤੀ ਸੁਚੇਤ ਰਹਿੰਦਾ ਹੈ ਕੌਮ ਅਤੇ ਪੰਥ ਪ੍ਰਤੀ ਉਹਦੀਆਂ ਜਿੰਮੇਵਾਰੀਆਂ ਦਾ ਉਸ ਨੂੰ ਅਹਿਸਾਸ ਹੁੰਦਾ ਰਹਿੰਦਾ ਹੈ੍ ਪਰ ਨਿੱਜੀ ਰੂਪ ਵਿੱਚ ਕੀਤੀ ਗਈ ਈਰਖਾ ਅਤੇ ਜਾਣ ਬੁਝ ਕੇ ਕਿਸੇ ਵਿਅਕਤੀ ਦੀ ਕਿਰਦਾਰ ਕੁਸ਼ੀ ਕਰਕੇ ਕਿਸੇ ਸੰਸਥਾ ਨੂੰ ਜਾਂ ਸੰਸਥਾ ਦੀ ਸਤਿਕਾਰਤ ਹਸਤੀ ਨੂੰ ਸੰਗਤਾਂ ਵਿੱਚ ਗਲਤ ਪ੍ਰਚਾਰ ਕਰਨਾ ਅਤੇ ਕਿਰਦਾਰ ਕੁਸ਼ੀ ਕਰਨੀ ਗੁਰਸਿੱਖੀ ਦੀ ਅਤੇ ਗੁਰਸਿੱਖਾਂ ਦੀ ਰੀਤ ਨਹੀਂ ਹੈ। ਸਾਰੇ ਸੰਸਾਰ ਅੰਦਰ ਦਮਦਮੀ ਟਕਸਾਲ ਤੇ ਖਾਸ ਕਰਕੇ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ ਚੌਂਕ ਮਹਿਤਾ ਨਾਲ ਸਬੰਧ ਰੱਖਣ ਵਾਲੇ ਗੁਰਸਿੱਖ ਮੌਜੂਦ ਹਨ੍ ਸੋ ਕਿਰਪਾ ਕਰਕੇ ਕਿਸੇ ਵੀ ਵਿਅਕਤੀ ਵਿਸ਼ੇਸ਼ ਨੇ ਕਿਸੇ ਟੈਲੀਵਿਜ਼ਨ ਚੈਨਲ ਨੇ ਜਾਂ ਕਿਸੇ ਵੀ ਮੀਡੀਆ ਨੇ ਜੇਕਰ ਦਮਦਮੀ ਟਕਸਾਲ ਨਾਲ ਸੰਬੰਧਿਤ ਕਿਸੇ ਵੀ ਗੱਲ ਬਾਰੇ ਚਰਚਾ ਕਰਨੀ ਹੋਵੇ ਸੁਹਿਰਦਤਾ ਦੇ ਨਾਲ ਗੁਰਸਿੱਖਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਪੰਥ ਕਿਸੇ ਇੱਕ ਵਿਅਕਤੀ ਵਿਸ਼ੇਸ਼ ਦਾ ਨਹੀਂ ਹੁੰਦਾ ਸਾਰੇ ਅੰਗ ਮਿਲ ਕੇ ਹੀ ਇੱਕ ਸਰੀਰ ਬਣਦਾ ਹੈ ਉਸੇ ਤਰ੍ਹਾਂ ਸਿੱਖ ਜਗਤ ਅੰਦਰ ਵੱਖੋ ਵੱਖਰੀਆਂ ਸੰਪਰਦਾਵਾਂ ਜਥੇਬੰਦੀਆਂ ਅਤੇ ਸੰਸਥਾਵਾਂ ਨੂੰ ਮਿਲਾ ਕੇ ਹੀ ਗੁਰਸਿੱਖੀ ਦਾ ਇੱਕ ਪੰਥ ਬਣਦਾ ਹੈ੍ ਜੇਕਰ ਅਸੀਂ ਗੁਰਸਿੱਖੀ ਅਤੇ ਪੰਥ ਵਾਸਤੇ ਕੋਈ ਸੇਵਾ ਨਹੀਂ ਕਰ ਸਕਦੇ ਤੇ ਜਾਣ ਬੁੱਝ ਕੇ ਪੰਥ ਦੇ ਅੰਦਰ ਦੁਵਿਧਾ ਪੈਦਾ ਕਰਨਾ ਅਤੇ ਆਪਣੀਆਂ ਸੰਸਥਾਵਾਂ ਨੂੰ ਬਦਨਾਮ ਕਰਨ ਦਾ ਵੀ ਸਾਨੂੰ ਕੋਈ ਹੱਕ ਨਹੀਂ ਹੈ੍

ਹਰ ਪ੍ਰਕਾਰ ਦੇ ਮੀਡੀਆ ਨਾਲ ਸੰਬੰਧ ਰੱਖਣ ਵਾਲੇ ਸਾਰੇ ਗੁਰਮੁਖਾਂ ਨੂੰ ਬੇਨਤੀ ਹੈ ਕਿ ਦਮਦਮੀ ਟਕਸਾਲ ਤੇ ਸਵਾਲ ਚੁੱਕਣ ਤੋਂ ਪਹਿਲਾਂ ਜਾਂ ਦਮਦਮੀ ਟਕਸਾਲ ਨੂੰ ਬਦਨਾਮ ਕਰਨ ਤੋਂ ਪਹਿਲਾਂ ਸੰਸਥਾ ਦੇ ਨਾਲ ਸੰਪਰਕ ਕਰਕੇ ਆਪਣਾ ਪੱਖ ਰੱਖਣ ਵਾਸਤੇ ਸੰਸਥਾ ਵੱਲੋਂ ਭੇਜੇ ਗਏ ਗੁਰਮੁਖਾਂ ਨੂੰ ਆਪਣੇ ਪ੍ਰੋਗਰਾਮ ਜਾਂ ਦਿੱਤੀਆਂ ਗਈਆਂ ਸਟੇਟਮੈਂਟਾਂ ਵਿੱਚ ਸ਼ਾਮਿਲ ਕਰਨਾ ਬਹੁਤ ਜਰੂਰੀ ਹੈ ਕੇਵਲ ਇੱਕ ਗੱਲ ਆਪਣੇ ਪ੍ਰੋਗਰਾਮ ਜਾਂ ਪੇਪਰ ਵਿੱਚ ਲਿਖ ਦੇਣੀ ਕਿ ਦਿੱਤੇ ਗਏ ਵਿਚਾਰ ਵਿਅਕਤੀਆਂ ਦੇ ਨਿੱਜੀ ਵਿਚਾਰ ਹਨ ਚੈਨਲ, ਰੇਡੀਓ, ਸੋਸ਼ਲ ਮੀਡੀਆ ਜਾਂ ਅਖਬਾਰ ਦਾ ਇਹਨਾਂ ਵਿਚਾਰਾਂ ਨਾਲ ਸਹਿਮਤ ਹੋਣਾ ਜਰੂਰੀ ਨਹੀਂ੍ ਪਰ ਕਿਸੇ ਦੂਜੇ ਵਿਅਕਤੀ ਸੰਸਥਾ ਜਾਂ ਸੰਪਰਦਾ ਦੇ ਉੱਪਰ ਸਵਾਲ ਚੁੱਕ ਦੇਣੇ ਉਹਨਾਂ ਦੇ ਕਿਰਦਾਰ ਕੁਸ਼ੀ ਕਰ ਦੇਣੀ ਜਾਂ ਉਹਨਾਂ ਉੱਪਰ ਬੇਲੋੜੀ ਬਿਆਨਬਾਜ਼ੀ ਕਰ ਦੇਣੀ ਬੇਹਦ ਹੀ ਸ਼ਰਮਨਾਕ ਕਾਰਾ ਹੈ੍ ਆਪਣੀਆਂ ਜਿੰਮੇਵਾਰੀਆਂ ਨੂੰ ਸਮਝੀਏ ਵਿਵੇਕ ਬੁੱਧ ਦੇ ਮਾਲਕ ਬਣ ਕੇ ਸੂਝਵਾਨ ਗੁਰਸਿੱਖ ਬਣੀਏ ਨਾ ਕਿ ਸੰਸਾਰ ਦੀ ਚੱਲ ਰਹੀ ਰੀਤ ਦੇ ਮੁਤਾਬਕ ਇੱਕ ਦੂਜੇ ਉੱਪਰ ਜਾਣ ਬੁੱਝ ਕੇ ਚਿੱਕੜ ਸੁੱਟ ਕੇ ਆਪਣੇ ਪੰਥ ਤੇ ਕੌਮ ਦੀ ਬਦਨਾਮੀ ਦਾ ਕਾਰਨ ਬਣੀਏ੍



ਮੀਡੀਆ ਪੰਥ ਵਿੱਚ ਪਾੜਾ ਵਧਾਉਣ ਦੀ ਥਾਂ ਏਕਤਾ ਵਾਲੇ ਪਾਸੇ ਵੱਲ ਕੰਮ ਕਰੇ ਅਤੇ ਆਪਣੀ ਬਣਦੀ ਹੋਈ ਜਿੰਮੇਵਾਰੀ ਨੂੰ ਸਮਝੇ।

**- ਗਿਆਨੀ ਬਘੇਲ ਸਿੰਘ ਇੰਗਲੈਂਡ, ਯੂ.ਕੇ.**

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

+447458381111 +447976210161 +919729091243